ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 9 ਅਗਸਤ 2024 (ਨਾਨਕਸ਼ਾਹੀ ਸੰਮਤ : ੫੫੬, ੨੫ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਐੱਸ. ਆਈ. ਟੀ. ਸਾਹਮਣੇ ਪੇਸ਼ ਹੋਏ ਬਿਕਰਮ ਮਜੀਠੀਆ


**ਪਟਿਆਲਾ, 8 ਅਗਸਤ (ਆਵਾਜ਼ਿ ਕੌਮ ਬਿਊਰੋ)**-ਸੀਨੀਅਰ ਅਕਾਲੀ ਆਗੂ ਅਤੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਡਰੱਗ ਕੇਸ 'ਚ ਐੱਸ.ਆਈ.ਟੀ. ਸਾਹਮਣੇ ਪੇਸ਼ ਹੋਣ ਲਈ ਪਟਿਆਲਾ ਪਹੁੰਚੇ। ਐੱਸ.ਆਈ.ਟੀ. ਨੇ ਉਨ੍ਹਾਂ ਨੂੰ ਡਰੱਗ ਕੇਸ ਦੇ ਚੱਲਦੇ ਤਲਬ ਕੀਤਾ ਹੈ। ਐੱਸ.ਆਈ.ਟੀ. ਵਲੋਂ ਪਹਿਲਾਂ ਤਿੰਨ ਵਾਰ ਉਨ੍ਹਾਂ ਨੂੰ ਪੇਸ਼ ਹੋਣ ਲਈ ਕਿਹਾ ਗਿਆ ਸੀ ਪਰ ਉਹ ਪੇਸ਼ ਨਹੀਂ ਹੋਏ ਅਤੇ ਇਸ ਲਈ ਉਨ੍ਹਾਂ ਵਲੋਂ ਵੱਖ-ਵੱਖ ਕਾਰਨਾਂ ਦਾ ਹਵਾਲਾ ਦਿੱਤਾ ਗਿਆ ਸੀ। ਇਸ ਦੌਰਾਨ ਉਨ੍ਹਾਂ ਨੂੰ 8 ਅਗਸਤ ਨੂੰ ਪੇਸ਼ ਹੋਣ ਲਈ ਮੁੜ ਸੰਮਨ ਜਾਰੀ ਕੀਤੇ ਗਏ ਸਨ, ਜਿਸ ਦੇ ਚੱਲਦੇ ਅੱਜ ਉਹ ਐੱਸ. ਆਈ. ਟੀ. ਸਾਹਮਣੇ ਪੇਸ਼ ਹੋਣ ਲਈ ਪਹੁੰਚੇ ਸਨ। ਬਿਕਰਮ ਸਿੰਘ ਮਜੀਠੀਆ ਵੱਲੋਂ ਐੱਸ.ਆਈ.ਟੀ. ਦੇ ਸਾਹਮਣੇ ਪੇਸ਼ ਹੋਣ ਨੂੰ ਲੈ ਕੇ ਅੱਜ ਪੁਲਸ ਲਾਈਨ ਦੇ ਸਾਮਹਣੇ ਸਖ਼ਤ ਸੁਰੱਖਿਆ ਦੇ ਪ੍ਰਬੰਧ ਕੀਤੇ ਗਏ। ਪੁਲਸ ਲਾਈਨ ਦੇ ਸਾਹਮਣੇ ਰੋਡ 'ਤੇ ਡੀ. ਐੱਸ. ਪੀ. ਦਿਹਾਤੀ ਗੁਰਪ੍ਰਤਾਪ ਸਿੰਘ ਢਿੱਲੋਂ ਅਤੇ ਥਾਣਾ ਅਨਾਜ ਮੰਡੀ ਦੇ ਐੱਸ.ਐੱਚ.ੳ.ਇੰਸ.ਸੁਖਵਿੰਦਰ ਸਿੰਘ ਗਿੱਲ ਦੀ ਅਗਵਾਈ ਹੇਠ ਪੁਲਸ ਪਾਰਟੀ ਨੂੰ ਤਾਇਨਾਤ ਕੀਤਾ ਗਿਆ ਸੀ। ਹਲਾਂਕਿ ਅੱਜ ਜ਼ਿਆਦਾ ਅਕਾਲੀ ਵਰਕਰ ਨਹੀਂ ਆਏ ਸਨ ਪਰ ਫਿਰ ਵੀ ਪੁਲਸ ਵੱਲੋਂ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ ਹਨ।



## ਮੁੱਖ ਮੰਤਰੀ ਮਾਨ ਨੂੰ ਭਾਈ ਗੁਰਪਤਵੰਤ ਪੰਨੂ ਨੇ ਦਿੱਤੀ ਧਮਕੀ !

# ਕਿਹਾ-ਪੰਜਾਬ 'ਚ ਨਹੀਂ ਲਹਿਰਾਉਣ ਦਿਆਂਗੇ ਤਿਰੰਗਾ

**ਨਵੀਂ ਦਿੱਲੀ, 8 ਅਗਸਤ (ਆਵਾਜ਼ਿ ਕੌਮ ਬਿਊਰੋ)**-ਸਿੱਖ ਫਾਰ ਜਸਟਿਸ ਦੇ ਮੁਖੀ ਭਾਈ ਗੁਰਪਤਵੰਤ ਸਿੰਘ ਪੰਨੂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਧਮਕੀ ਦਿੱਤੀ ਹੈ। ਭਾਈ ਗੁਰਪਤਵੰਤ ਸਿੰਘ ਪੰਨੂ ਨੇ ਮੁੱਖ ਮੰਤਰੀ ਨੂੰ ਪੰਜਾਬ 'ਚ ਤਿਰੰਗਾ ਨਾ ਲਹਿਰਾਉਣ ਦੀ ਸਲਾਹ ਦਿੱਤੀ ਹੈ। ਭਾਈ ਗੁਰਪਤਵੰਤ ਸਿੰਘ ਪੰਨੂ ਦਾ ਕਹਿਣਾ ਹੈ ਕਿ ਪੰਜਾਬ ਭਾਰਤ ਦਾ ਹਿੱਸਾ ਨਹੀਂ ਹੈ। ਭਾਰਤ ਦੇ ਤਿਰੰਗੇ ਦੀ ਅਗਵਾਈ ਹੇਠ ਸਿੱਖਾਂ ਦੀ ਨਸਲਕੁਸ਼ੀ ਹੋਈ ਤੇ ਅੱਜ ਪੰਜਾਬ ਦੇ ਕਿਸਾਨਾਂ ਨਾਲ ਬੇਇਨਸਾਫ਼ੀ ਹੋ ਰਹੀ ਹੈ। ਲਗਾਤਾਰ ਵੀਡੀਓ ਬਣਾ ਕੇ ਭਾਈ ਗੁਰਪਤਵੰਤ ਸਿੰਘ ਪੰਨੂ ਨੇ ਕਿਹਾ- 15 ਅਗਸਤ ਸਿੱਖ ਧਰਮ ਤੇ ਪੰਜਾਬ ਦਾ ਅਜ਼ਾਦੀ ਦਿਹਾੜਾ ਨਹੀਂ ਹੈ। ਇਸ ਤਿਰੰਗੇ ਹੇਠ ਸਾਡੇ ਸਿੱਖਾਂ ਦੀ ਨਸਲਕੁਸ਼ੀ ਹੋਈ ਹੈ। ਸਾਡੇ ਸੂਬੇ ਦੇ ਸਿੱਖ ਕਿਸਾਨਾਂ ਦੀਆਂ ਖੁਦਕੁਸ਼ੀਆਂ ਲਈ ਭਗਵੰਤ ਮਾਨ ਦੀ ਸਰਕਾਰ ਜ਼ਿੰਮੇਵਾਰ ਹੈ। ਭਗਵੰਤ ਮਾਨ ਨੂੰ 15 ਅਗਸਤ ਨੂੰ ਤਿਰੰਗਾ ਲਹਿਰਾਉਣ ਤੋਂ ਰੋਕਿਆ ਜਾਵੇਗਾ। ਭਾਈ ਦਿਲਾਵਰ ਸਿੰਘ ਦੀ ਅੱਜ ਲੋੜ ਹੈ। ਮੁੱਖ ਮੰਤਰੀ ਭਗਵੰਤ ਮਾਨ ਨੂੰ ਤਿਰੰਗਾ ਲਹਿਰਾਉਣ ਤੋਂ ਰੋਕਣ ਵਾਲੇ ਨੂੰ ਸਿੱਖ ਫਾਰ ਜਸਟਿਸ 1 ਕਰੋੜ ਰੁਪਏ ਦੇਵੇਗੀ। ਅੱਜ ਕਿਸਾਨਾਂ ਨੂੰ ਤਿਰੰਗੇ ਝੰਡੇ ਹੇਠ ਖੁਦਕੁਸ਼ੀ ਕਰਨ ਲਈ ਉਕਸਾਇਆ ਜਾ ਰਿਹਾ ਹੈ। ਜ਼ਿਕਰਯੋਗ ਹੈ ਕਿ 2019 ਵਿੱਚ ਭਾਰਤ ਸਰਕਾਰ ਨੇ ਅੱਤਵਾਦੀ ਗਤੀਵਿਧੀਆਂ ਨੂੰ ਅੰਜਾਮ ਦੇਣ ਦੇ ਦੋਸ਼ ਵਿੱਚ ਗੈਰਕਾਨੂੰਨੀ ਗਤੀਵਿਧੀਆਂ ਰੋਕਥਾਮ ਐਕਟ ਯਾਨੀ UAPA ਦੇ ਤਹਿਤ ਪੰਨੂ ਦੀ ਜਥੇਬੰਦੀ SFJ ਨੂੰ ਪਾਬੰਦੀਸ਼ੁਦਾ ਕਰ ਦਿੱਤਾ ਸੀ। ਗ੍ਰਹਿ ਮੰਤਰਾਲੇ ਨੇ ਆਪਣੇ ਨੋਟੀਫਿਕੇਸ਼ਨ ਵਿੱਚ ਕਿਹਾ ਸੀ ਕਿ ਸਿੱਖਾਂ ਲਈ ਰਾਇਸ਼ੁਮਾਰੀ ਦੀ ਆੜ ਵਿੱਚ SFJ ਪੰਜਾਬ ਵਿੱਚ ਵੱਖਵਾਦ ਅਤੇ ਕੱਟੜਪੰਥੀ ਵਿਚਾਰਧਾਰਾ ਦਾ ਸਮਰਥਨ ਕਰ ਰਹੀ ਹੈ। ਸਾਲ 2020 ਵਿੱਚ ਭਾਈ ਗੁਰਪਤਵੰਤ ਸਿੰਘ ਪੰਨੂ 'ਤੇ ਵੱਖਵਾਦ ਨੂੰ ਉਤਸ਼ਾਹਿਤ ਕਰਨ ਤੇ ਪੰਜਾਬੀ ਸਿੱਖ ਨੌਜਵਾਨਾਂ ਨੂੰ ਹਥਿਆਰ ਚੁੱਕਣ ਲਈ ਉਤਸ਼ਾਹਿਤ ਕਰਨ ਦੇ ਦੋਸ਼ ਲੱਗੇ ਸਨ। 2020 ਵਿੱਚ ਸਰਕਾਰ ਨੇ SFJ ਨਾਲ ਸਬੰਧਤ 40 ਤੋਂ ਵੱਧ ਵੈਬ ਪੇਜਾਂ ਅਤੇ ਯੂ. ਟਿਊਬ ਚੈਨਲਾਂ 'ਤੇ ਪਾਬੰਦੀ ਲਗਾ ਦਿੱਤੀ ਸੀ।



## ਸੌਦਾ ਸਾਧ ਵੱਲੋਂ ਮੰਗੀ ਗਈ 21 ਦਿਨਾਂ ਦੀ ਫਰਲੋ 'ਤੇ ਹਾਈਕੋਰਟ ਦਾ ਫ਼ੈਸਲਾ ਰਾਖਵਾਂ

**ਚੰਡੀਗੜ੍ਹ, 8 ਅਗਸਤ (ਆਵਾਜ਼ਿ ਕੌਮ ਬਿਊਰੋ)**-ਸੌਦਾ ਸਾਧ ਵੱਲੋਂ ਮੰਗੀ ਗਈ 21 ਦਿਨਾਂ ਦੀ ਫਰਲੋ 'ਤੇ ਹਾਈਕੋਰਟ ਨੇ ਫੈਸਲਾ ਲੈ ਲਿਆ ਹੈ। ਜੀ ਹਾਂ ਫਰਲੋ 'ਤੇ ਹਾਈਕੋਰਟ ਨੇ ਫੈਸਲਾ ਸੁਰੱਖਿਅਤ ਰੱਖ ਲਿਆ ਹੈ। ਸੌਦਾ ਸਾਧ ਨੇ ਖੁਦ ਨੂੰ ਫਰਲੋ ਦਾ ਦੱਸਿਆ ਅਧਿਕਾਰੀ। ਸ਼੍ਰੋਮਣੀ ਕਮੇਟੀ ਨੇ ਸੌਦਾ ਸਾਧ ਦੀ ਫਰਲੋ ਵਾਲੀ ਮੰਗ ਦਾ ਵਿਰੋਧ ਕੀਤਾ ਹੈ। ਪੰਜਾਬ ਹਰਿਆਣਾ ਹਾਈਕੋਰਟ ਨੇ ਦੋਹਾਂ ਪੱਖਾਂ ਦੀਆਂ ਦਲੀਲਾਂ ਸੁਣਨ ਤੋਂ ਬਾਅਦ ਫੈਸਲਾ ਸੁਰੱਖਿਅਤ ਰੱਖਿਆ ਹੈ। ਹਾਈਕੋਰਟ ਨੇ ਕਿਹਾ ਜਲਦ ਫੈਸਲਾ ਸੁਣਾਵਾਂਗੇ। ਦੱਸ ਦਈਏ ਲੋਕ ਸਭਾ ਚੋਣਾਂ ਤੋਂ ਪਹਿਲਾਂ ਵੀ ਸੌਦਾ ਸਾਧ ਨੇ ਫਰਲੋ ਦੀ ਮੰਗ ਕੀਤੀ ਸੀ। ਉਸ ਨੇ ਕਿਹਾ ਸੀ ਕਿ ਮੈਂ 14 ਦਿਨਾਂ ਦੀ ਫਰਲੋ ਦਾ ਹੱਕਦਾਰ ਸੀ, ਪਰ ਅਦਾਲਤ ਨੇ ਇਸ ਦੀ ਇਜਾਜ਼ਤ ਨਹੀਂ ਦਿੱਤੀ। ਦੱਸ ਦਈਏ ਕਿ ਇਹ ਪਹਿਲੀ ਵਾਰ ਹੈ ਜਦੋਂ ਹਰਿਆਣਾ, ਪੰਜਾਬ ਅਤੇ ਰਾਜਸਥਾਨ ਵਿੱਚ ਆਮ ਚੋਣਾਂ ਸੌਦਾ ਸਾਧ ਤੋਂ ਬਿਨਾਂ ਹੋਈਆਂ ਹਨ। ਹਾਈਕੋਰਟ ਦੀ ਸਖ਼ਤੀ ਦੇ ਚੱਲਦਿਆਂ ਸਰਕਾਰ ਨੇ ਇਸ ਵਾਰ ਚੋਣਾਂ ਵਿੱਚ ਸੌਦਾ ਸਾਧ ਨੂੰ ਪੈਰੋਲ ਨਹੀਂ ਦਿੱਤੀ। ਜਦੋਂ ਕਿ 2022 ਤੋਂ ਹੁਣ ਤੱਕ ਉਹ 192 ਦਿਨਾਂ ਲਈ 6 ਵਾਰ ਫਰਲੋ ਅਤੇ 3 ਵਾਰ ਪੈਰੋਲ 'ਤੇ ਬਾਹਰ ਆ ਚੁੱਕਾ ਹੈ। ਸ਼੍ਰੋਮਣੀ ਕਮੇਟੀ ਨੇ ਹਾਈਕੋਰਟ 'ਚ ਪਟੀਸ਼ਨ ਦਾਇਰ ਕਰਕੇ ਸੌਦਾ ਸਾਧ ਨੂੰ ਵਾਰ-ਵਾਰ ਜੇਲ 'ਚੋਂ ਬਾਹਰ ਲਿਆਉਣ 'ਤੇ ਆਪਣਾ ਵਿਰੋਧ ਪ੍ਰਗਟਾਇਆ ਸੀ। ਇਸ ਤੋਂ ਬਾਅਦ 29 ਫਰਵਰੀ ਨੂੰ ਹਾਈ ਕੋਰਟ ਨੇ ਸੂਬਾ ਸਰਕਾਰ ਨੂੰ ਅਦਾਲਤ ਦੀ ਇਜਾਜ਼ਤ ਤੋਂ ਬਿਨਾਂ ਸੌਦਾ ਸਾਧ ਦੀ ਪੈਰੋਲ ਅਰਜ਼ੀ 'ਤੇ ਵਿਚਾਰ ਨਾ ਕਰਨ ਦੇ ਹੁਕਮ ਦਿੱਤੇ ਸਨ।



## ਦਿੱਲੀ-ਅੰਮ੍ਰਿਤਸਰ-ਕਟੜਾ ਹਾਈਵੇਅ ਪ੍ਰੋਜੈਕਟ ਨੂੰ ਲੱਗੇਗੀ ਬ੍ਰੇਕ ! ਠੇਕੇਦਾਰ ਬੋਲੇ ਹਾਲਾਤ ਖਰਾਬ

**ਲੁਧਿਆਣਾ, 8 ਅਗਸਤ (ਆਵਾਜ਼ਿ ਕੌਮ ਬਿਊਰੋ)**-ਲੁਧਿਆਣਾ ਵਿੱਚ ਭਾਰਤਮਾਲਾ ਪ੍ਰੋਜੈਕਟ ਤਹਿਤ ਗ੍ਰੀਨਫੀਲਡ ਦਿੱਲੀ-ਅੰਮ੍ਰਿਤਸਰ-ਕਟੜਾ ਹਾਈਵੇਅ ਪ੍ਰੋਜੈਕਟ ਨੂੰ ਬ੍ਰੇਕ ਲੱਗ ਸਕਦੀ ਹੈ। ਲੁਧਿਆਣਾ ਜ਼ਿਲ੍ਹੇ ਵਿੱਚ ਕੰਮ ਕਰ ਰਹੇ ਠੇਕੇਦਾਰ ਨੇ ਅੱਧ ਵਿਚਾਲੇ ਕੰਮ ਛੱਡਣ ਦੀ ਇੱਛਾ ਪ੍ਰਗਟਾਈ ਹੈ। ਕੰਪਨੀ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਦਾ ਇਲਜ਼ਾਮ ਹੈ ਕਿ ਪੰਜਾਬ ਵਿੱਚ ਅਮਨ ਕਾਨੂੰਨ ਦੀ ਸਥਿਤੀ ਠੀਕ ਨਹੀਂ ਤੇ ਉਨ੍ਹਾਂ ਨੂੰ ਸਹੀ ਢੰਗ ਨਾਲ ਕੰਮ ਨਹੀਂ ਕਰਨ ਦਿੱਤਾ ਜਾ ਰਿਹਾ। ਇਸ ਪ੍ਰਾਜੈਕਟ 'ਤੇ ਕੰਮ ਕਰ ਰਹੇ ਕਈ ਹੋਰ ਠੇਕੇਦਾਰ ਪਹਿਲਾਂ ਹੀ ਕੰਮ ਛੱਡ ਚੁੱਕੇ ਹਨ ਤੇ ਉਹ ਵੀ ਇਸ ਬਾਰੇ ਵਿਚਾਰ ਕਰਨ ਲਈ ਮਜਬੂਰ ਹਨ। ਦਰਅਸਲ, ਨੈਸ਼ਨਲ ਹਾਈਵੇਅ ਅਥਾਰਟੀ ਆਫ਼ ਇੰਡੀਆ (ਐਨਐਚਏਆਈ) ਦੇ ਅਧਿਕਾਰੀਆਂ ਨੇ ਪੰਜਾਬ ਦੇ ਮੁੱਖ ਸਕੱਤਰ ਅਨੁਰਾਗ ਵਰਮਾ ਨੂੰ ਇੱਕ ਪੱਤਰ ਲਿਖ ਕੇ ਲੁਧਿਆਣਾ ਜ਼ਿਲ੍ਹੇ ਦੇ ਦਾਖਾ ਥਾਣਾ ਖੇਤਰ ਵਿੱਚ ਠੇਕੇਦਾਰ ਕੰਪਨੀ ਐਮਕੇਸੀ ਇਨਫਰਾਸਟਰੱਕਚਰ ਲਿਮਟਿਡ ਲਈ ਕੰਮ ਕਰਨ ਵਾਲੀ ਸ਼੍ਰੀ ਬਾਲਾਜੀ ਟ੍ਰੇਡਿੰਗ ਕੰਪਨੀ ਦੁਆਰਾ ਪੈਸਿਆਂ ਦੇ ਵਿਵਾਦ ਨੂੰ ਲੈ ਕੇ ਧਮਕਾਉਣ ਦੀ ਸ਼ਿਕਾਇਤ ਦੇ ਬਾਵਜੂਦ ਪੁਲਿਸ 'ਤੇ ਕਾਰਵਾਈ ਨਾ ਕਰਨ ਦੇ ਦੋਸ਼ ਲਾਏ ਹਨ। ਪੱਤਰ ਵਿੱਚ ਜਲੰਧਰ ਦਿਹਾਤੀ ਦੇ ਨੂਰਮਹਿਲ ਇਲਾਕੇ ਵਿੱਚ ਇੱਕ ਠੇਕੇਦਾਰ ਕੰਪਨੀ ਦੇ ਮੁਲਾਜ਼ਮ 'ਤੇ ਪਿੰਡ ਵਾਸੀਆਂ ਵੱਲੋਂ ਕੀਤੇ ਗਏ ਹਮਲੇ ਦਾ ਵੀ ਜ਼ਿਕਰ ਕੀਤਾ ਗਿਆ ਹੈ, ਜਿੱਥੇ ਪੁਲਿਸ ਕੇਸ ਦਰਜ ਹੋਣ ਮਗਰੋਂ ਮੁਲਜ਼ਮ ਨੂੰ ਜ਼ਮਾਨਤ ਮਿਲ ਗਈ ਸੀ। ਪੰਜਾਬ ਦੇ ਮੁੱਖ ਸਕੱਤਰ ਨੇ ਡੀਜੀਪੀ ਪੰਜਾਬ ਗੌਰਵ ਯਾਦਵ ਨੂੰ ਪੱਤਰ ਲਿਖ ਕੇ ਇਸ ਮਾਮਲੇ ਵਿੱਚ ਕਾਰਵਾਈ ਦੇ ਹੁਕਮ ਦਿੱਤੇ ਤੇ ਇਸ ਮਗਰੋਂ ਲੁਧਿਆਣਾ ਦਿਹਾਤੀ ਦੇ ਥਾਣਾ ਦਾਖਾ ਵਿੱਚ ਕੇਸ ਦਰਜ ਕੀਤਾ ਗਿਆ। ਐਮਕੇਸੀ ਇਨਫਰਾਸਟਰੱਕਚਰ ਲਿਮਟਿਡ ਦੇ ਏਜੀਐਮ ਤਾਲਮੇਲ ਬ੍ਰਿਜੇਸ਼ ਕੁਮਾਰ ਨੇ ਦੋਸ਼ ਲਾਇਆ ਕਿ ਉਹ ਸ਼ੁਰੂ ਤੋਂ ਹੀ ਕਾਨੂੰਨ ਵਿਵਸਥਾ ਦੀਆਂ ਸਮੱਸਿਆਵਾਂ ਦਾ ਸਾਹਮਣਾ ਕਰ ਰਹੇ ਹਨ। ਪ੍ਰਧਾਨ ਮੰਤਰੀ ਦੇ ਇਸ ਡਰੀਮ ਪ੍ਰੋਜੈਕਟ ਲਈ ਉਨ੍ਹਾਂ ਦੀ ਕੰਪਨੀ ਮਲੇਰਕੋਟਲਾ ਤੋਂ ਲੈ ਕੇ ਗੁਰਦਾਸਪੁਰ ਜ਼ਿਲ੍ਹੇ ਤੱਕ ਵੱਖ-ਵੱਖ ਹਿੱਸਿਆਂ 'ਤੇ ਕੰਮ ਕਰ ਰਹੀ ਹੈ ਪਰ ਮੌਜੂਦਾ ਹਾਲਾਤ ਨੂੰ ਦੇਖਦਿਆਂ ਹੋਰਨਾਂ ਕੰਪਨੀਆਂ ਵਾਂਗ ਉਹ ਵੀ ਇਸ ਪ੍ਰੋਜੈਕਟ ਨੂੰ ਛੱਡਣ ਬਾਰੇ ਵਿਚਾਰ ਕਰ ਰਹੇ ਹਨ। ਉਨ੍ਹਾਂ ਨੇ ਦਾਅਵਾ ਕੀਤਾ ਕਿ ਉਨ੍ਹਾਂ ਦੇ ਕਰਮਚਾਰੀ ਆਪਣੀ ਜਾਨ ਨੂੰ ਖਤਰਾ ਸਮਝਦੇ ਹਨ। ਉਨ੍ਹਾਂ ਕਿਹਾ ਕਿ ਕੰਪਨੀ ਨੇ ਕਰੀਬ 50 ਫੀਸਦੀ ਕੰਮ ਪੂਰਾ ਕਰ ਲਿਆ ਹੈ ਪਰ ਹੁਣ ਉਨ੍ਹਾਂ ਨੂੰ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਨੂੰ ਸੁਰੱਖਿਆ ਪ੍ਰਦਾਨ ਕੀਤੀ ਜਾਵੇ। ਇਸੇ ਤਰ੍ਹਾਂ ਇੱਕ ਹੋਰ ਅਧਿਕਾਰੀ ਨੇ ਕਿਹਾ ਕਿ ਉਨ੍ਹਾਂ ਦੇ ਕਰਮਚਾਰੀ ਬਹੁਤ ਡਰੇ ਹੋਏ ਹਨ। ਦੂਜੇ ਪਾਸੇ ਥਾਣਾ ਦਾਖਾ ਦੇ ਐਸਐਚਓ ਇੰਸਪੈਕਟਰ ਕੇਐਸ ਧਾਲੀਵਾਲ ਨੇ ਦੱਸਿਆ ਕਿ ਬਾਲਾਜੀ ਟ੍ਰੇਡਿੰਗ ਕੰਪਨੀ ਦੇ ਸੰਦੀਪ ਸ਼ਰਮਾ ਤੇ ਮਨੀਸ਼ ਗੋਦਾਰਾ ਨੇ ਪ੍ਰਾਜੈਕਟ ਤਹਿਤ ਸਮੱਗਰੀ ਸਪਲਾਈ ਕਰਨ ਦਾ ਠੇਕਾ ਲਿਆ ਸੀ। ਉਸ ਦਾ ਨਿਰਮਾਣ ਕੰਪਨੀ ਨਾਲ ਆਰਥਿਕ ਝਗੜਾ ਹੋ ਗਿਆ ਸੀ। ਇਸ ਕਾਰਨ ਉਹ ਕੁਝ ਸਾਥੀਆਂ ਨਾਲ ਕੰਪਨੀ ਦੇ ਦਫਤਰ ਪਹੁੰਚੇ ਜਿਸ ਨੂੰ ਲੈ ਕੇ ਦੋਵਾਂ ਧਿਰਾਂ ਵਿਚਾਲੇ ਤਕਰਾਰ ਹੋ ਗਈ। ਪੁਲਿਸ ਨੇ ਮੁਕੇਸ਼ ਗੋਦਾਰਾ, ਸੰਦੀਪ ਸ਼ਰਮਾ ਤੇ ਅਣਪਛਾਤੇ ਲੋਕਾਂ ਖਿਲਾਫ ਭਾਰਤੀ ਦੰਡਾਵਲੀ ਦੀ ਧਾਰਾ 126 (2) (ਗਲਤ ਤਰੀਕੇ ਨਾਲ ਰੋਕਣਾ), 351 (2) (ਅਪਰਾਧਿਕ ਧਮਕੀ), 79 (ਔਰਤ ਦੀ ਇੱਜ਼ਤ ਨੂੰ ਠੇਸ ਪਹੁੰਚਾਉਣਾ) ਤੇ ਧਾਰਾ 191 (3) (ਦੰਗੇ ਭੜਕਾਉਣਾ, ਮਾਰੂ ਹਥਿਆਰਾਂ ਨਾਲ ਲੈਸ ਹੋਣਾ) ਤੇ 190 (ਇੱਕ ਸਾਂਝੇ ਮਕਸਦ ਵਿਰੁੱਧ ਗੈਰ-ਕਾਨੂੰਨੀ ਇਕੱਠ) ਦੇ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਪੈਰਿਸ ਓਲੰਪਿਕ : ਹਾਕੀ 'ਚ ਭਾਰਤ ਦੀ ਇਤਿਹਾਸਕ ਜਿੱਤ, ਸਪੇਨ ਨੂੰ 2-1 ਨਾਲ ਹਰਾ ਕੇ ਜਿੱਤਿਆ ਕਾਂਸੀ ਤਮਗਾ


**ਪੈਰਿਸ, 8 ਅਗਸਤ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਹਾਕੀ ਟੀਮ ਨੇ ਪੈਰਿਸ ਓਲੰਪਿਕ 2024 ਵਿਚ ਕਾਂਸੀ ਦਾ ਤਮਗਾ ਜਿੱਤ ਕੇ ਇਤਿਹਾਸ ਰਚ ਦਿੱਤਾ ਹੈ। ਭਾਰਤ ਨੇ ਕਾਂਸੀ ਦੇ ਤਮਗੇ ਦੇ ਮੁਕਾਬਲੇ ਵਿਚ ਸਪੇਨ ਨੂੰ 2-1 ਨਾਲ ਹਰਾਇਆ। ਹਾਕੀ ਵਿਚ ਭਾਰਤ ਦਾ ਇਹ ਚੌਥਾ ਕਾਂਸੀ ਦਾ ਤਗ਼ਮਾ ਹੈ। ਇਸ ਤੋਂ ਇਲਾਵਾ ਦੇਸ਼ ਨੇ ਓਲੰਪਿਕ ਇਤਿਹਾਸ ਵਿਚ ਸਭ ਤੋਂ ਵੱਧ 8 ਸੋਨ ਅਤੇ 1 ਚਾਂਦੀ ਦਾ ਤਮਗਾ ਵੀ ਜਿੱਤਿਆ ਹੈ। ਭਾਰਤ ਨੇ ਪਿਛਲੇ ਯਾਨੀ ਟੋਕੀਓ ਓਲੰਪਿਕ ਵਿਚ ਵੀ ਕਾਂਸੀ ਤਗ਼ਮਾ ਜਿੱਤਿਆ ਸੀ। ਇਸ ਨਾਲ ਭਾਰਤੀ ਹਾਕੀ ਟੀਮ ਨੇ 52 ਸਾਲਾਂ ਬਾਅਦ ਓਲੰਪਿਕ 'ਚ ਇਤਿਹਾਸ ਰਚ ਦਿੱਤਾ ਹੈ। ਦਰਅਸਲ, ਭਾਰਤੀ ਹਾਕੀ ਟੀਮ ਨੇ 52 ਸਾਲਾਂ ਬਾਅਦ ਓਲੰਪਿਕ ਵਿਚ ਲਗਾਤਾਰ 2 ਤਮਗੇ ਜਿੱਤੇ ਹਨ। ਇਸ ਤੋਂ ਪਹਿਲਾਂ 1960 ਤੋਂ 1972 ਤੱਕ ਭਾਰਤ ਨੇ ਹਾਕੀ ਵਿਚ ਲਗਾਤਾਰ 4 ਤਮਗੇ ਜਿੱਤੇ ਸਨ। 1976 ਦੀਆਂ ਓਲੰਪਿਕ ਖੇਡਾਂ ਵਿਚ ਦੇਸ਼ ਨੂੰ ਕੋਈ ਤਮਗਾ ਨਹੀਂ ਮਿਲਿਆ ਸੀ। ਇਸ ਤੋਂ ਬਾਅਦ 1980 'ਚ ਸੋਨ ਤਮਗਾ ਜਿੱਤਿਆ। ਜ਼ਿਕਰਯੋਗ ਹੈ ਕਿ ਭਾਰਤੀ ਹਾਕੀ ਟੀਮ ਨੂੰ ਪੈਰਿਸ ਓਲੰਪਿਕ ਦੇ ਸੈਮੀਫਾਈਨਲ 'ਚ ਜਰਮਨੀ ਹੱਥੋਂ 3-2 ਨਾਲ ਹਾਰ ਦਾ ਸਾਹਮਣਾ ਕਰਨਾ ਪਿਆ ਸੀ, ਜਿਸ ਕਾਰਨ ਭਾਰਤੀ ਟੀਮ ਇਸ ਵਾਰ ਵੀ ਗੋਲਡ ਮੈਡਲ ਜਿੱਤਣ ਤੋਂ ਖੁੰਝ ਗਈ।



**ਪੈਰਿਸ ਓਲੰਪਿਕ 'ਚ ਕਾਂਸੀ ਤਮਗਾ ਜਿੱਤਣ 'ਤੇ ਪ੍ਰਧਾਨ ਮੰਤਰੀ ਮੋਦੀ ਨੇ ਭਾਰਤੀ ਹਾਕੀ ਟੀਮ ਨੂੰ ਦਿੱਤੀ ਵਧਾਈ** : ਪੈਰਿਸ ਓਲੰਪਿਕ 'ਚ ਭਾਰਤੀ ਹਾਕੀ ਟੀਮ ਨੇ ਸਪੇਨ ਨੂੰ 2-1 ਨਾਲ ਹਰਾ ਕੇ ਕਾਂਸੀ ਤਮਗਾ ਜਿੱਤ ਲਿਆ ਹੈ। ਇਸ ਦੇ ਨਾਲ ਹੀ ਭਾਰਤ ਦੇ ਪੈਰਿਸ ਓਲੰਪਿਕ 'ਚ ਕੁੱਲ ਚਾਰ ਤਮਗੇ ਹੋ ਗਏ ਹਨ। ਇਸ ਮੌਕੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਭਾਰਤੀ ਹਾਕੀ ਟੀਮ ਨੂੰ ਮੈਡਲ ਜਿੱਤਣ 'ਤੇ ਵਧਾਈ ਦਿੱਤੀ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਕਸ 'ਤੇ ਲਿਖਿਆ ਕਿ ਇੱਕ ਅਜਿਹਾ ਕਾਰਨਾਮਾ ਜੋ ਆਉਣ ਵਾਲੀਆਂ ਪੀੜ੍ਹੀਆਂ ਤਕ ਯਾਦ ਰਹੇਗਾ! ਓਲੰਪਿਕ 'ਚ ਚਮਕੀ ਭਾਰਤੀ ਹਾਕੀ ਟੀਮ, ਕਾਂਸੀ ਦਾ ਤਗਮਾ ਘਰ ਲੈ ਕੇ ਆਈ! ਇਹ ਹੋਰ ਵੀ ਖਾਸ ਹੈ ਕਿਉਂਕਿ ਇਹ ਓਲੰਪਿਕ 'ਚ ਉਨ੍ਹਾਂ ਦਾ ਲਗਾਤਾਰ ਦੂਜਾ ਤਮਗਾ ਹੈ। ਉਨ੍ਹਾਂ ਦੀ ਸਫਲਤਾ ਹੁਨਰ, ਲਗਨ ਅਤੇ ਟੀਮ ਭਾਵਨਾ ਦੀ ਜਿੱਤ ਹੈ। ਉਨ੍ਹਾਂ ਨੇ ਅਥਾਹ ਸੰਜਮ ਅਤੇ ਲਚਕੀਲਾਪਣ ਦਿਖਾਇਆ। ਖਿਡਾਰੀਆਂ ਨੂੰ ਵਧਾਈ। ਹਰ ਭਾਰਤੀ ਦਾ ਹਾਕੀ ਨਾਲ ਭਾਵਨਾਤਮਕ ਸਬੰਧ ਹੈ ਅਤੇ ਇਹ ਪ੍ਰਾਪਤੀ ਸਾਡੇ ਦੇਸ਼ ਦੇ ਨੌਜਵਾਨਾਂ 'ਚ ਖੇਡ ਨੂੰ ਹੋਰ ਵੀ ਪ੍ਰਸਿੱਧ ਬਣਾਵੇਗੀ।

## ਪੰਜਾਬ 'ਚ ਦਿਖੇ ਸ਼ੱਕੀ, ਐੱਸਐੱਸਪੀ ਨੇ ਖੁਦ ਚਲਾਇਆ ਸਰਚ ਆਪ੍ਰੇਸ਼ਨ


**ਦੀਨਾਨਗਰ, 8 ਅਗਸਤ (ਆਵਾਜ਼ਿ ਕੌਮ ਬਿਊਰੋ)**-ਸਰਹੱਦੀ ਖੇਤਰ ਬਮਿਆਲ ਸੈਕਟਰ ਦੇ ਨਜ਼ਦੀਕੀ ਇਲਾਕੇ ਦੇ ਵਿੱਚ ਸ਼ੱਕੀ ਵਿਅਕਤੀ ਦੇਖਣ ਦੇ ਮਾਮਲੇ ਲਗਾਤਾਰ ਸਾਹਮਣੇ ਆ ਰਹੇ ਹਨ। ਅੱਜ ਇੱਕ ਵਾਰ ਫਿਰ ਦੁਬਾਰਾ ਬਮਿਆਲ ਅਧੀਨ ਆਉਂਦੇ ਪਿੰਡ ਰਮਕਾਲਮਾ ਵਿਖੇ ਬੀਤੀ ਰਾਤ ਇੱਕ ਮਹਿਲਾ ਅਤੇ ਇੱਕ ਨੌਜਵਾਨ ਵੱਲੋਂ ਚਾਰ ਦੇ ਕਰੀਬ ਸ਼ੱਕੀ ਵਿਅਕਤੀ ਦੇਖਣ ਦਾ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਅਨੁਸਾਰ ਬਮਿਆਲ ਤੋਂ ਠੀਕ ਤਿੰਨ ਕਿਲੋਮੀਟਰ ਦੀ ਦੂਰੀ 'ਤੇ ਸਥਿਤ ਪਿੰਡ ਰਮਕਾਲਮਾ ਵਿਖੇ ਬੀਤੀ ਰਾਤ ਕਮਲਾ ਦੇਵੀ ਅਤੇ ਅਭਿਸ਼ੇਕ ਨਾਮ ਦੇ ਨੌਜਵਾਨ ਵੱਲੋਂ ਆਪਣੇ ਘਰ ਦੇ ਅੰਦਰੋਂ ਹੀ ਗਲੀ ਵਿੱਚ ਚਾਰ ਦੇ ਕਰੀਬ ਸ਼ੱਕੀ ਵਿਅਕਤੀ ਘੁੰਮਦੇ ਹੋਏ ਦੇਖਣ ਦਾ ਦਾਅਵਾ ਕੀਤਾ ਜਾ ਰਿਹਾ। ਮਹਿਲਾ ਕਮਲਾ ਦੇਵੀ ਅਤੇ ਅਭਿਸ਼ੇਕ ਵੱਲੋਂ ਦੱਸਿਆ ਜਾ ਰਿਹਾ ਹੈ ਕਿ ਉਨ੍ਹਾਂ ਵੱਲੋਂ ਭਾਰਤੀ ਸੈਨਾ ਦੀ ਵਰਦੀ ਦੇ ਰੰਗ ਦੇ ਨਾਲ ਦੇ ਕਾਰਗੋ ਪਜਾਮੇ ਪਾਏ ਹੋਏ ਸਨ ਅਤੇ ਉਸਦੇ ਨਾਲ ਹੀ ਜੰਗਲ ਬੂਟ ਪਾਏ ਹੋਏ ਸਨ। ਉਨ੍ਹਾਂ ਦਾ ਦਾਅਵਾ ਹੈ ਕਿ ਇਹ ਘਟਨਾ ਰਾਤ 12 ਵਜੇ ਦੇ ਕਰੀਬ ਦੀ ਹੈ ਅਤੇ ਸਵੇਰੇ 7 ਵਜੇ ਦੇ ਕਰੀਬ ਕਮਲਾ ਦੇਵੀ ਅਤੇ ਅਭਿਸ਼ੇਕ ਕੁਮਾਰ ਵੱਲੋਂ ਪੁਲਸ ਨੂੰ ਸੂਚਿਤ ਕੀਤਾ ਗਿਆ। ਜਿਸ ਤੋਂ ਬਾਅਦ ਸਰਹੱਦੀ ਪਿੰਡ ਰਮਾਕਾਲਮਾ ਚ ਇੱਕਦਮ ਪੂਰਾ ਇਲਾਕਾ ਪੁਲਸ ਛਾਉਣੀ ਵਿਚ ਤਬਦੀਲ ਹੋ ਗਿਆ। ਇਸ ਮੌਕੇ 'ਤੇ ਸਵੈਟ ਟੀਮ, ਕਮਾਂਡੋ ਟੀਮ, ਐੱਸਓਜੀ ਟੀਮ, ਸੀਮਾ ਸੁਰੱਖਿਆ ਬਲ ਤੇ ਪੰਜਾਬ ਪੁਲਸ ਦੀ ਸਾਰੀ ਹੀ ਫੋਰਸ ਉੱਚ ਅਧਿਕਾਰੀਆਂ ਸਮੇਤ ਇਸ ਪਿੰਡ ਵਿੱਚ ਪਹੁੰਚੀ। ਐੱਸਐੱਸਪੀ ਪਠਾਨਕੋਟ ਛੁੱਟੀ 'ਤੇ ਹੋਣ ਕਾਰਨ ਆਰਜ਼ੀ ਤੌਰ 'ਤੇ ਗੁਰਦਾਸਪੁਰ ਐੱਸਐੱਸਪੀ ਹਰੀਸ਼ ਕੁਮਾਰ ਦਾਯਮਾ ਕੋਲੋਂ ਇੰਚਾਰਜ ਹੋਣ 'ਤੇ ਐੱਸਐੱਸਪੀ ਹਰੀਸ਼ ਕੁਮਾਰ ਦਾਯਮਾ ਵਲੋ ਖੁਦ ਇਸ ਪਿੰਡ 'ਚ ਪਹੁੰਚੇ ਤੇ ਮਹਿਲਾ ਕਮਲਾ ਦੇਵੀ ਅਤੇ ਅਭਿਸ਼ੇਕ ਕੁਮਾਰ ਨਾਲ ਵਿਸ਼ੇਸ਼ ਗੱਲਬਾਤ ਕਰਨ ਤੋਂ ਬਾਅਦ ਤੁਰੰਤ ਡਰੋਨ ਦੇ ਰਾਹੀਂ ਸਰਚ ਕਰਨ ਦੇ ਆਦੇਸ਼ ਦਿੱਤੇ ਗਏ ਤੇ ਇਸ ਤੋਂ ਇਲਾਵਾ ਸਾਰੀਆਂ ਹੀ ਫੋਰਸ ਵੱਲੋਂ ਵੱਡਾ ਸਰਚ ਆਪਰੇਸ਼ਨ ਚਲਾਇਆ ਗਿਆ। ਇਸ ਦੇ ਨਾਲ ਹੀ ਵੱਖ-ਵੱਖ ਸੁਰੱਖਿਆ ਏਜੰਸੀਆਂ ਦੇ ਅਧਿਕਾਰੀ ਮੌਕੇ 'ਤੇ ਪਹੁੰਚ ਕੇ ਲਗਾਤਾਰ ਕਮਲਾ ਦੇਵੀ ਅਤੇ ਅਭਿਸ਼ੇਕ ਕੁਮਾਰ ਕੋਲੋਂ ਪੁੱਛਗਿੱਛ ਕਰਦੇ ਦਿਖੇ। ਅਭਿਸ਼ੇਕ ਕੁਮਾਰ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਉਸਨੇ ਦੱਸਿਆ ਕਿ 11 ਵਜੇ ਦੇ ਕਰੀਬ ਗੇਟ ਦੇ ਖੜਕਣ ਦੀ ਆਵਾਜ਼ ਆਈ ਸੀ ਪ੍ਰੰਤੂ ਗਲੀ ਵਿੱਚ ਕੋਈ ਵੀ ਵਿਅਕਤੀ ਨਹੀਂ ਦਿਖਿਆ। ਇਸ ਤੋਂ ਬਾਅਦ 12 ਵਜੇ ਦੇ ਕਰੀਬ ਗਲੀ ਚੋਂ ਕੁਝ ਆਵਾਜ਼ ਆਈ ਤਾਂ ਦੇਖਣ ਤੇ ਚਾਰ ਦੇ ਕਰੀਬ ਵਿਅਕਤੀ ਗਲੀ ਵਿੱਚ ਲੰਘਦੇ ਦਿਖਾਈ ਦਿੱਤੇ ਜੋ ਕਿ ਨਜ਼ਦੀਕ ਖੇਤਾਂ ਵੱਲ ਚਲੇ ਗਏ। ਅਭਿਸ਼ੇਕ ਅਨੁਸਾਰ ਉਹਨਾਂ ਵੱਲੋਂ ਸਵੇਰੇ ਪੁਲਸ ਨੂੰ ਸੂਚਿਤ ਕਰ ਦਿੱਤਾ ਗਿਆ ਤਾਂ ਕਿ ਕਿਸੇ ਵੀ ਤਰ੍ਹਾਂ ਦੀ ਕੋਈ ਅਣਸੁਖਾਈ ਘਟਨਾ ਨਾ ਵਾਪਰੇ। ਖਬਰ ਲਿਖੇ ਜਾਣ ਤੱਕ ਪੁਲਸ ਵੱਲੋਂ ਲੱਗ ਕੇ ਅੰਦਰ ਸੱਚ ਬਿਆਨ ਚਲਾਇਆ ਜਾ ਰਿਹਾ ਸੀ।



Nankana Sahib Yatra Committe Uk
pakistan gurdwara yatra
6th november to 16th november 2024 yatra includes 25+ gurudwara sahib darshan .Accommodation in hotels and travel within pakistan and yatra start to finish point in AC coaches
ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ
£1095
Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.
Note: It does not include flight ticket and insurance, it has to be done by the passenger himself.
ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।
ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।
*-- ਗੁਰੂ ਪੰਥ ਦੇ ਸੇਵਾਦਾਰ --*
ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK
• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161
• ਭਾਈ ਬਲਜੀਤ ਸਿਘ ਕੰਗ/Bhai Baljit Singh Kang
+44 7780 605230
• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net


ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
***Raghbir Singh Walsal***
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243





ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
Khehra VAISHNO DHABA
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757





We Accept Online & Card Payment


## ਪੰਜਾਬੀ

### ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

Love Maa Boli Punjabi

www.damdamitaksal.net

ਮੁਕਤਾ · ਾ ਕੰਨਾ · ਿ ਸਿਹਾਰੀ · ੀ ਬਿਹਾਰੀ
ੁ ਔਂਕੜ · ੂ ਦੁਲੈਂਕੜ · ੇ ਲਾਂ · ੈ ਦੁਲਾਵਾਂ
ੋ ਹੋੜਾ · ੌ ਕਨੌੜਾ · ੰ ਟਿੱਪੀ · ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net

Learn Speak Read Write PUNJABI



ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਧੰਨ–ਧੰਨ ਮਾਤਾ ਸਾਹਿਬ ਕੌਰ ਜੀ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470




ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✚ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446




ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਏ ਲੇਤ ਹੈ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ। ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07751-28621







KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।









**www.khalsaforge.com**


ਬੰਦੀ ਸਿੰਘਾਂ 'ਅਤੇ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਦੀ ਰਿਹਾਈ
ਦੇ ਲਈ ਰੱਖੀ ਗਈ ਪੰਥਕ ਇਕੱਤਰਤਾ ਵਿੱਚ ਜ਼ਰੂਰ ਪਹੁੰਚੇ ਜੀ!
ਰੱਖੜ ਪੁੰਨਿਆ ਦੇ ਦਿਹਾੜੇ ਤੇ
ਬਾਬਾ ਬਕਾਲਾ ਸਾਹਿਬ ਜੀ ਵਿਖੇ
ਪੰਥਕ ਇਕੱਤਰਤਾ
19 ਅਗਸਤ 2024
ਸਮਾਂ ਸਵੇਰੇ 11ਵਜੇ ਤੋਂ
ਦੁਪਿਹਰੇ 3ਵਜੇ ਤੱਕ
ਆਵਾਜ਼ਿ ਕੌਮ
AWAZE QAUM
International Newspaper & WEB TV


ਗੁਰੂ ਹਰਿਰਾਇ
ਦਮਦਮੀ ਟਕਸਾਲ ਵੱਲੋਂ
ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ੁੱਧ ਪਾਠ ਬੋਧ ਸਮਾਗਮ
ਆਰੰਭ 20 ਜੁਲਾਈ 2024 ਤੋ 18 ਅਗਸਤ 2024 ਤੱਕ
Monday - Friday
6PM - 9PM
Saturday - Sunday
3PM - 5PM
6PM - 9PM
Bhog Shri Sehaj Path
Sunday 18th August 2024
Kirtan - Katha Darbar


SANT BEANT SINGH JI
BER KALAN WALE | UK TOUR 2024
FRI 26TH JULY - SUN 28TH JULY: SOUTHAMPTON
MON 29TH JULY - SUN 4TH AUGUST: SOUTHALL
MON 5TH AUGUST - SAT 10TH AUGUST: 7:00-8:00PM
GURU NANAK GURDWARA, LEICESTER, LE1 4LJ
SUN 11TH AUGUST: 1:00-2:00PM
GURU NANAK GURDWARA, LEICESTER, LE1 4LJ
WED 14TH AUGUST - 7:30-8:10PM:
GURU HAR RAI SAHIB GURDWARA, WEST BROMWICH, B70 6JW
SUN 18TH AUGUST - 2:00-3:00 PM:
GURU HAR RAI GURDWARA, WEST BROMWICH, B70 6JW
MON 19TH AUGUST - SUN 25TH AUGUST: 7:00-7:30AM &
6:45-7:30PM
SEDLEY STREET, WOLVERHAMPTON, WV2 3AJ
MON 26TH AUGUST - SUN 1ST SEPTEMBER: 7:30-8:15AM,
10:00-11:00AM & 7:15-8:00PM
BABA SANG GURDWARA, SMETHWICK, B66 1EE
SANT BEANT SINGH | WHATSAPP: +918530000006

ਦੇਗ ਤੇਗ ਫਤਹਿ
ਪੰਥ ਕੀ ਜੀਤ

ਸਨਮਾਨ ਸਮਾਰੋਹ

ਆਵਾਜ਼ਿ ਕੌਮ AWAZE QAUM International Newspaper & WEB TV

ਭਾਈ ਸਰਬਜੀਤ ਸਿੰਘ ਖਾਲਸਾ
ਐਮ.ਪੀ. (ਫਰੀਦਕੋਟ)
ਅਤੇ
ਬਾਪੂ ਤਰਸੇਮ ਸਿੰਘ ਪਿਤਾ ਭਾਈ ਅੰਮ੍ਰਿਤਪਾਲ ਸਿੰਘ
ਐਮ.ਪੀ. (ਖਡੂਰ ਸਾਹਿਬ)
10 ਅਗਸਤ 2024 ਦਿਨ ਸ਼ਨੀਵਾਰ
ਸਥਾਨ :- ਗੁਰਦੁਆਰਾ ਨੌਵੀਂ ਪਾਤਸ਼ਾਹੀ ਦੁਖ ਨਿਵਾਰਨ ਸਾਹਿਬ
ਗੁਰੂ ਤੇਗ ਬਹਾਦਰ ਨਗਰ, ਜਲੰਧਰ
ਸਮਾ : ਸਵੇਰੇ 11.00 ਵਜੇ





ਸਮੂਹ ਸੰਗਤ ਨੂੰ ਸਨਮਾਨ ਸਮਾਰੋਹ
ਵਿੱਚ ਪਹੁੰਚਣ ਦੀ ਅਪੀਲ
ਕੀਤੀ ਜਾਂਦੀ ਹੈ
ਬੇਨਤੀ ਕਰਤਾ :-
ਪਰਮਜੀਤ ਸਿੰਘ ਜੌਹਲ ਅਤੇ ਇਲਾਕਾ ਨਿਵਾਸੀ
ਸੰਪਰਕ : 70095-81997

ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਵਿੰਗ ਵੱਲੋਂ

ਵਿਸ਼ੇਸ਼ ਉਪਰਾਲਾ

ਮਾਤਾ ਗੁਜਰ ਕੌਰ ਜੀ ਵਿੱਦਿਅਕ ਭਲਾਈ ਸਕੀਮ ਤਹਿਤ

ਅੰਮ੍ਰਿਤਧਾਰੀ ਮਾਂ ਬਾਪ ਦੇ ਅੰਮ੍ਰਿਤਧਾਰੀ ਬੱਚਿਆਂ ਨੂੰ ਆਪਣੇ ਵਿੱਦਿਅਕ ਅਦਾਰਿਆਂ ਵਿੱਚ
ਪੜ੍ਹਾਈ ਮੁਫਤ ਅਤੇ ਆਪਣੇ ਕਾਲਜਾਂ ਵਿੱਚ ਦਿੱਤੇ ਜਾਣਗੇ ਵਿਸ਼ੇਸ਼ ਵਜੀਫ਼ੇ

ਵਿੱਦਿਆ ਅਤੇ ਖੇਡਾਂ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਇਨਾਮ ਦਿੱਤੇ ਜਾਣਗੇ ।

ਆਪਣੇ ਬੱਚਿਆਂ ਨੂੰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਿੱਦਿਅਕ ਅਦਾਰਿਆਂ ਵਿੱਚ ਦਾਖਲ ਕਰਵਾਓ ਜੀ।



- ਗੁਰੂ ਤੇਗ ਬਹਾਦਰ ਖਾਲਸਾ ਪਬਲਿਕ ਸਕੂਲ, ਕੈਂਥਲ
- ਦਸ਼ਮੇਸ਼ ਸੀਨੀਅਰ ਸੈਕੰਡਰੀ ਸਕੂਲ, ਕਪਾਲਮੋਚਨ, ਯਮੁਨਾਨਗਰ
- ਸੰਤ ਮੋਹਨ ਸਿੰਘ ਮਤਵਾਲਾ ਪਬਲਿਕ ਸਕੂਲ, ਤਿਲੋਕੇਵਾਲਾ, ਸਿਰਸਾ
- ਮਾਤਾ ਸੁੰਦਰੀ ਖਾਲਸਾ ਗਰਲਜ ਕਾਲਜ, ਨਿਸਿੰਗ, ਕਰਨਾਲ
- ਸ਼੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਖਾਲਸਾ ਕਾਲਜ, ਪੰਜੋਖਰਾ ਸਾਹਿਬ, ਅੰਬਾਲਾ



ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ HSGMC

ਸਕੱਤਰ ਧਰਮ ਪ੍ਰਚਾਰ, ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ HSGMC


With the blessings of Dhan Dhan Satguru Sahib Sri Guru Granth Sahib Ji
Mahaan Barsi Smagam
&
REMEMBERING THE SHAHEEDS OF 1984
SRI HAZOOR SANT BABA ISHER SINGH JI MAHARAJ
Rara Sahib
SRI MAAN SANT GIANI KARTAR SINGH JI KHALSA
Bhindranwale
Under the Guidance of: Sri Maan Sant Baba Bhagwan Singh Ji Maharaj (Rara Sahib Begowal)
4 DAY MAHAAN OPEN AIR
GURMAT SMAGAM
BANK HOLIDAY WEEKEND
23RD - 26TH AUGUST 2024
Sri Maan Sant Baba Bhagwan Singh Ji Maharaj (Rara Sahib Begowal)
Sri Maan Sant Giani Jarnail Singh Ji Khalsa Bhindranwale (Maujuda Mukhi Damdami Taksal)
SAT 24TH AUG 2024
REHNSBHAI KIRTAN DARBAR
SUN 25TH AUG 2024
SRI DASAM GRANTH SEHAJ PAATH BHOG
MON 26TH AUG 2024
SRI GURU GRANTH SAHIB JI SEHAJ PAATH BHOG
AMRIT SANCHAAR - SUNDAY 25TH AUGUST 2024 - 12PM (HALL 2)
GEORGE ST, WEST BROMWICH, BIRMINGHAM, B70 6NH
(NEXT TO GURU HAR RAI SAHIB GURDWARA)
FOR FURTHER INFORMATION, SEVA AND STALL BOOKINGS PLEASE CONTACT
07977 001313 | 07913 951860 | 07956 007161 | 07590 626176 | 07985 246484
ਆਵਾਜ਼ਿ ਕੌਮ
AWAZE QAUM
International Newspaper & WEB TV


ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਪਾਰ ਕਿਰਪਾ ਸਦਕਾ
ਮਹਾਨ ਬਰਸੀ ਸਮਾਗਮ
ਅਤੇ ਜੂਨ 1984 ਦੇ ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ
ਸ੍ਰੀ ਹਜ਼ੂਰ ਸੰਤ ਬਾਬਾ ਈਸ਼ਰ ਸਿੰਘ ਜੀ ਮਹਾਰਾਜ
ਸ੍ਰੀ ਮਾਨ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ
ਸ੍ਰੀ ਮਾਨ ਸੰਤ ਬਾਬਾ ਭਗਵਾਨ ਸਿੰਘ ਜੀ ਮਹਾਰਾਜ (ਰਾੜਾ ਸਾਹਿਬ ਬੇਗੋਵਾਲ) ਵਾਲਿਆਂ ਦੀ ਰਹਿਨੁਮਾਈ ਹੇਠ
4 ਰੋਜ਼ਾ
ਮਹਾਨ ਗੁਰਮਤਿ ਸਮਾਗਮ
ਬੈਂਕ ਹੋਲੀਡੇਅ ਵੀਕਐਂਡ
23 ਤੋਂ 26 ਅਗਸਤ 2024
ਸ੍ਰੀ ਮਾਨ ਸੰਤ ਬਾਬਾ ਭਗਵਾਨ ਸਿੰਘ ਜੀ ਮਹਾਰਾਜ (ਰਾੜਾ ਸਾਹਿਬ ਬੇਗੋਵਾਲ)
ਸ੍ਰੀ ਮਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ (ਮੌਜੂਦਾ ਮੁਖੀ ਦਮਦਮੀ ਟਕਸਾਲ)
ਸ਼ਨੀਵਾਰ 24 ਅਗਸਤ 2024
ਰੈਣਸਬਾਈ ਕੀਰਤਨ ਦਰਬਾਰ
ਐਤਵਾਰ 25 ਅਗਸਤ 2024
ਸ੍ਰੀ ਦਸਮ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਭੋਗ
ਸੋਮਵਾਰ 26 ਅਗਸਤ 2024
ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਭੋਗ
ਅੰਮ੍ਰਿਤ ਸੰਚਾਰ - ਐਤਵਾਰ 25 ਅਗਸਤ 2024 - ਦੁਪਹਿਰੇ 12 ਵਜੇ (ਹਾਲ 2)
ਜੋਰਜ ਸਟ੍ਰੀਟ, ਵੈਸਟ ਬਰੌਮਵਿਚ, ਬਰਮਿੰਘਮ, B70 6NH
(ਗੁਰੂ ਹਰਿ ਰਾਇ ਸਾਹਿਬ ਗੁਰਦੁਆਰਾ ਦੇ ਪਾਸ)
ਆਵਾਜ਼ਿ ਕੌਮ AWAZE QAUM International Newspaper & WEB TV
ਵਧੇਰੇ ਜਾਣਕਾਰੀ, ਸੇਵਾ ਜਾਂ ਸਟਾਲ ਬੁਕਿੰਗ ਲਈ ਹੇਠ ਦਿੱਤੇ ਨੰਬਰਾਂ ਤੇ ਸੰਪਰਕ ਕਰੋ
07977 001313 | 07913 951860 | 07956 007161 | 07590 626176 | 07985 246484

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਦਿਹਾੜੇ

## ਸੰਪੂਰਨਤਾ ਦਿਵਸ ਅਤੇ ਸਥਾਪਨਾ ਦਿਵਸ

☛ ਸੰਪੂਰਨਤਾ ਦਿਵਸ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਸਾਹਿਬ ਜੀ ☛ ਸਥਾਪਨਾ ਦਿਵਸ ਦਮਦਮੀ ਟਕਸਾਲ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।



ਗਿਆਨੀ ਰੂਪ ਸਿੰਘ ਦਮਦਮੀ ਟਕਸਾਲ ਵਾਲੇ

☛ ਸ਼ਨਿੱਚਰਵਾਰ 10 ਅਗਸਤ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

☛ ਐਤਵਾਰ 11 ਅਗਸਤ 2024 ਨੂੰ 6:30 ਵਜੇ ਸਵੇਰੇ ਚੌਪੈਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਗਿਆਨੀ ਰੂਪ ਸਿੰਘ ਜੀ ਦਮਦਮੀ ਟਕਸਾਲ ਵਾਲੇ ਕਥਾ ਰਾਹੀਂ ਗੁਰਬਾਣੀ ਕਥਾ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਛਬੀਲ ਵੀ ਲੱਗੇਗੀ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ 68ਵੀਆਂ ਪੰਜਾਬ ਰਾਜ ਜ਼ਿਲ੍ਹਾਂ ਜੋਨ ਖੇਡਾਂ 24/25 'ਚ

# ਸੇਂਟ ਸੋਲਜਰ ਸਕੂਲ ਦੇ ਖਿਡਾਰੀਆਂ ਨੇ 51 ਮੈਡਲ ਜਿੱਤ ਕੇ ਆਲ ਓਵਰ ਟਰਾਫੀ ਜਿੱਤੀ



**ਜੰਡਿਆਲਾ ਗੁਰੂ, 8 ਅਗਸਤ ( ਕੁਲਵੰਤ ਸਿੰਘ ਵਿਰਦੀ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ 68ਵੀਆਂ ਪੰਜਾਬ ਰਾਜ ਜ਼ਿਲ੍ਹਾਂ ਜੋਨ ਖੇਡਾਂ 2024-25 ਦੀਆਂ ਬੰਡਾਲਾ ਜੋਨ ਦੀਆਂ ਖੇਡਾਂ ਕਰਵਾਈਆਂ ਗਈਆਂ। ਇਹਨਾਂ ਖੇਡਾਂ ਵਿਚ ਐਥਲੈਟਿਕ ਅਤੇ ਬੈਡਮਿੰਟਨ ਖੇਡਾਂ ਵਿੱਚ ਖਿਡਾਰੀਆਂ ਨੇ ਮਾਰੀਆਂ ਮੱਲਾਂ ।ਜਿਸ ਵਿੱਚ ਐਥਲੈਟਿਕ (ਅੰਡਰ 14) ਵਿੱਚ ਇਬਾਦਤ ਕੌਰ ਨੇ ਸ਼ੋਟਪੁੱਟ ਅਤੇ ਡਿਸਕਸ ਥ੍ਰੋ ਵਿੱਚ ਪਹਿਲਾ ਸਥਾਨ ਹਾਸਿਲ ਕੀਤਾ । ਇਸੇ ਤਰ੍ਹਾਂ (ਅੰਡਰ 14) 600 ਮੀਟਰ ਵਿੱਚ ਮਨਰੀਤ ਕੌਰ ਨੇ ਪਹਿਲਾ ਸਥਾਨ ਅਤੇ ਅਤੇ ਸਮਰੀਤ ਕੌਰ ਨੇ ਤੀਸਰਾ ਸਥਾਨ ਹਾਸਿਲ ਕੀਤਾ । ਇਸੇ ਤਰ੍ਹਾਂ (ਅੰਡਰ 14) ਰੀਲੇਅ 4 × 100 = 400 ਵਿੱਚ ਮੁਸਕਾਨਦੀਪ ਕੌਰ, ਖੁਸ਼ਮਨਦੀਪ ਕੌਰ, ਸਮਰੀਨ ਕੌਰ ਅਤੇ ਸੁੱਖਮਨਦੀਪ ਕੌਰ ਨੇ ਦੂਸਰਾ ਸਥਾਨ ਹਾਸਿਲ ਕੀਤਾ ।ਇਸੇ ਤਰ੍ਹਾਂ (ਅੰਡਰ 17) ਡਿਸਕਸ ਥ੍ਰੋ ਵਿੱਚ ਲਵਲੀਨ ਕੌਰ ਨੇ ਪਹਿਲਾ ਸਥਾਨ ਅਤੇ ਸ਼ੋਟਪੁੱਟ ਵਿੱਚ ਦੂਸਰਾ ਸਥਾਨ ਹਾਸਿਲ ਕੀਤਾ ।ਇਸੇ ਤਰ੍ਹਾਂ (ਅੰਡਰ 17) 800 ਮੀਟਰ ਵਿੱਚ ਮਨਦੀਪ ਕੌਰ ਨੇ ਪਹਿਲਾ ਸਥਾਨ ਅਤੇ ਨਵਨੀਤ ਕੌਰ ਨੇ ਤੀਸਰਾ ਸਥਾਨ ਅਤੇ ਖੁਸ਼ਦੀਪ ਕੌਰ ਨੇ ਲੋਂਗ ਜੰਪ ਵਿੱਚ ਤੀਸਰਾ ਸਥਾਨ ਹਾਸਿਲ ਕੀਤਾ ।ਇਸੇ ਤਰ੍ਹਾਂ (ਅੰਡਰ 17) ਰੀਲੇਅ 4 × 100 = 400 ਵਿੱਚ ਮਨਦੀਪ ਕੌਰ, ਕੋਮਲਪ੍ਰੀਤ ਕੌਰ, ਨਵਨੀਤ ਕੌਰ ਅਤੇ ਸੁਖਲੀਨ ਕੌਰ ਨੇ ਪਹਿਲਾ ਸਥਾਨ ਹਾਸਿਲ ਕੀਤਾ ।ਇਸੇ ਤਰ੍ਹਾਂ (ਅੰਡਰ 19) ਲੋਂਗ ਜੰਪ ਵਿੱਚ ਖੁਸ਼ਮਨਦੀਪ ਕੌਰ ਨੇ ਪਹਿਲਾ ਅਤੇ ਸਹਿਜ ਨੇ ਤੀਸਰਾ ਸਥਾਨ ਹਾਸਿਲ ਕੀਤਾ ।ਇਸੇ ਤਰ੍ਹਾਂ (ਅੰਡਰ 19) ਜੈਵਲੀਨ ਥ੍ਰੋ ਅਤੇ ਡਿਸਕਸ ਥ੍ਰੋ ਵਿੱਚ ਰਿਪਨਦੀਪ ਕੌਰ ਨੇ ਦੂਸਰਾ ਸਥਾਨ ਅਤੇ ਸ਼ੋਟਪੁੱਟ ਵਿੱਚ ਪ੍ਰਭਜੋਤ ਕੌਰ ਨੇ ਤੀਸਰਾ ਸਥਾਨ ਹਾਸਿਲ ਕੀਤਾ ।ਇਸੇ ਤਰ੍ਹਾਂ ਅੰਡਰ 19) ਰੀਲੇਅ 4 ×100 = 400 ਵਿੱਚ ਕੋਮਲਦੀਪ ਕੌਰ, ਸੱਖੋ, ਸਹਿਜ ਅਤੇ ਸੁੱਖਮਨਦੀਪ ਨੇ ਪਹਿਲਾ ਸਥਾਨ ਹਾਸਿਲ ਕੀਤਾ ।ਇਸੇ ਤਰ੍ਹਾਂ ਖਿਡਾਰੀਆਂ ਨੇ ਬੈਡਮਿੰਟਨ ਬੰਡਾਲਾ ਜੋਨ ਟੂਰਨਾਮੈਂਟ ਵਿੱਚ ਵੀ ਮੱਲਾ ਮਾਰੀਆਂ । ਜਿਸ ਵਿੱਚ ਬੈਡਮਿੰਟਨ ਸਿੰਗਲ (ਅੰਡਰ 14) ਵਿੱਚ ਏਕਮਜੋਤ ਸਿੰਘ ਨੇ ਤੀਸਰਾ ਸਥਾਨ ਅਤੇ ਬੈਡਮਿੰਟਨ ਡੱਬਲ ਵਿੱਚ ਗੁਰਨੂਰ ਸਿੰਘ ਅਤੇ ਵਿਰਾਜਦੀਪ ਸਿੰਘ ਨੇ ਤੀਸਰਾ ਸਥਾਨ ਹਾਸਿਲ ਕੀਤਾ ।ਇਸੇ ਤਰ੍ਹਾਂ ਬੈਡਮਿੰਟਨ ਸਿੰਗਲ (ਅੰਡਰ 19) ਵਿੱਚ ਨਵਦੀਪ ਕੌਰ ਨੇ ਦੂਸਰਾ ਸਥਾਨ ਅਤੇ ਬੈਡਮਿੰਟਨ ਡੱਬਲ ਵਿੱਚ ਸਾਕਸ਼ੀ ਅਤੇ ਅਮਨਦੀਪ ਕੌਰ ਨੇ ਦੂਸਰਾ ਸਥਾਨ ਹਾਸਿਲ ਕੀਤਾ। ਇਹਨਾਂ 68ਵੀਆ ਬੰਡਾਲਾ ਜੋਨ ਦੀਆਂ ਖੇਡਾਂ ਵਿਚ ਸੈਟ ਸੋਲਜਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ ਨੇ 31 ਗੋਲਡ 13 ਸਿਲਵਰ ਅਤੇ 7 ਬ੍ਰੋਨਜ਼ ਮੈਡਲ ਟੋਟਲ 51 ਮੈਡਲ ਜਿੱਤ ਕੇ ਪੂਰੇ ਜੋਨ ਵਿਚੋਂ ਪਹਿਲੇ ਨੰਬਰ ਤੇ ਆ ਕੇ ਆਲ ਓਵਰ ਟਰਾਫੀ ਤੇ ਵੀ ਕਬਜਾ ਕੀਤਾ। ਸਕੂਲ ਪਹੁੰਚਣ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਪ੍ਰਿੰਸੀਪਲ ਅਮਰਪ੍ਰੀਤ ਕੌਰ ਜੀ ਨੇ ਜੇਤੂ ਖਿਡਾਰੀਆਂ ਦਾ ਸ਼ਾਨਦਾਰ ਸਵਾਗਤ ਕੀਤਾ ਅਤੇ ਵਧਾਈ ਅਤੇ ਸ਼ਾਬਾਸ਼ੀ ਦਿੱਤੀ ਅਤੇ ਨਾਲ ਹੀ ਖਿਡਾਰੀਆਂ ਦੇ ਕੋਚ ਸਾਹਿਬਾਨਾਂ ਦੀ ਦੀ ਮਿਹਨਤ ਨੂੰ ਵੀ ਸਰਾਹਿਆ। ਕਿਸ ਮੌਕੇ ਤੇ ਬੋਲਦਿਆਂ ਡ. ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਕਿਹਾ ਕਿ ਖੇਡਾਂ ਵਿਦਿਆਰਥੀਆਂ ਅੰਦਰ ਨੈਤਿਕ ਗੁਣ ਜਿਵੇਂ ਅਨੁਸ਼ਾਸਨ , ਸਹਿਣਸ਼ੀਲਤਾ,ਸਦਾਚਾਰ, ਜਿੱਤਣ ਦੀ ਤਾਂਘ, ਆਪਸੀ ਪ੍ਰੇਮ ਪਿਆਰ ,ਇਕਜੁਟਤਾ, ਸਬਰ ਆਦਿ ਸਿਖਾਉਂਦੀਆਂ ਹਨ। ਓਹਨਾ ਕਿਹਾ ਕਿ ਹਰ ਵਿਦਿਆਰਥੀ ਨੂੰ ਕਿਸੇ ਨਾ ਕਿਸੇ ਖੇਡ ਵਿੱਚ ਜਰੂਰ ਭਾਗ ਲੈਣਾ ਚਾਹੀਦਾ ਹੈ ।ਇਸ ਮੌਕੇ ਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਗੁਰਪ੍ਰੀਤ ਕੌਰ ਜੀ, ਸ਼ਿਲਪਾ ਸ਼ਰਮਾ, ਨੀਲਾਕਸ਼ੀ ਗੁਪਤਾ, ਪ੍ਰਿਅੰਕਾ ਸ਼ਰਮਾ ਕੋਆਰਡੀਨੇਟਰ, ਕੋਚ, ਸਮੂਹ ਸਟਾਫ ਅਤੇ ਬੱਚੇ ਹਾਜਿਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ

# ਏਡਜ਼ ਰੋਕੋ-ਨਸ਼ੇ ਰੋਕੋ ਦਾ ਸੰਦੇਸ਼ ਦਿੰਦੀ ਰੈੱਡ-ਰਨ ਮੈਰਾਥਨ ਆਯੋਜਿਤ



**ਤਲਵੰਡੀ ਸਾਬੋ, 8 ਅਗਸਤ (ਗੁਰਜੰਟ ਸਿੰਘ ਨਥੇਹਾ)**- ਨਿੱਗਰ ਸਮਾਜ ਦੇ ਨਿਰਮਾਣ ਲਈ ਡਾਇਰੈਕਟਰ ਯੁਵਕ ਸੇਵਾਵਾਂ, ਪੰਜਾਬ, ਪੰਜਾਬ ਸਟੇਟ ਏਡਜ਼ ਕੰਟਰੋਲ ਸੋਸਾਇਟੀ, ਬਠਿੰਡਾ ਵੱਲੋਂ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਡਾਇਰੈਕਟੋਰੇਟ ਆਫ਼ ਸਪੋਰਟਸ ਦੇ ਸਹਿਯੋਗ ਨਾਲ ਰੈੱਡ ਰਿਬਨ ਕਲੱਬਾਂ ਦੀ ਜ਼ਿਲ੍ਹਾ ਪੱਧਰੀ ਰੈੱਡ-ਰਨ ਮੈਰਾਥਨ ਦਾ ਆਯੋਜਨ 'ਵਰਸਿਟੀ ਦੇ ਨਵੇਂ ਖੇਡ ਮੈਦਾਨ ਵਿਖੇ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਦਵਿੰਦਰ ਸਿੰਘ, ਸਹਾਇਕ ਨਿਰਦੇਸ਼ਕ ਯੁਵਕ ਸੇਵਾਵਾਂ, ਬਠਿੰਡਾ ਨੇ ਲੜਕੇ ਅਤੇ ਲੜਕੀਆਂ ਦੀ ਮੈਰਾਥਨ ਨੂੰ ਝੰਡੀ ਵਿਖਾ ਕੇ ਰਵਾਨਾ ਕੀਤਾ। ਇਸ ਮੌਕੇ ਮੁੱਖ ਮਹਿਮਾਨ ਨੇ ਪ੍ਰਤੀਯੋਗੀਆਂ ਨੂੰ ਸੰਬੋਧਨ ਹੁੰਦੇ ਹੋਏ ਕਿਹਾ ਕਿ ਸਮਾਜ ਵਿੱਚੋਂ ਅਨਪੜ੍ਹਤਾ ਦੇ ਹਨੇਰੇ ਨੂੰ ਦੂਰ ਕਰਨ ਅਤੇ ਏਡਜ਼ ਵਰਗੀ ਨਾ-ਮੁਰਾਦ ਬਿਮਾਰੀ ਨੂੰ ਖ਼ਤਮ ਕਰਨ ਤੇ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਵਾਸਤੇ ਮੈਰਾਥਨ ਦਾ ਆਯੋਜਨ ਕੀਤਾ ਗਿਆ ਹੈ। ਉਨ੍ਹਾਂ ਇਹ ਵੀ ਕਿਹਾ ਕਿ ਨੌਜਵਾਨ ਪੀੜ੍ਹੀ ਕਿਸ ਵੀ ਸਮਾਜ ਦਾ ਭਵਿੱਖ ਹੁੰਦੀ ਹੈ, ਸੋ ਇਨ੍ਹਾਂ ਨੂੰ ਆਪਣੀ ਪ੍ਰਤਿਭਾ ਤੇ ਹੁਨਰ ਨਿੱਗਰ ਸਮਾਜ ਦੇ ਨਿਰਮਾਣ ਵਿੱਚ ਲਾਉਣਾ ਚਾਹੁੰਦਾ ਹੈ ।ਮੈਰਾਥਨ ਦੇ ਨਤੀਜਿਆਂ ਬਾਰੇ ਜਾਣਕਾਰੀ ਦਿੰਦਿਆਂ ਡਾ.ਸ਼ਰਮਾ ਨੇ ਦੱਸਿਆ ਕਿ ਲੜਕਿਆਂ ਵਿੱਚੋਂ ਗਗਨਦੀਪ ਸਿੰਘ ਪੰਜਾਬੀ ਯੂਨੀਵਰਸਿਟੀ ਕਾਲਜ ਘੁੱਦਾ ਨੇ ਪਹਿਲਾ, ਰਾਜਵਿੰਦਰ ਸਿੰਘ ਗੁਰੂ ਕਾਸ਼ੀ ਯੂਨੀਵਰਸਿਟੀ ਤਲਵੰਡੀ ਸਾਬੋ ਨੇ ਦੂਜਾ ਸਿਮਰਨਜੀਤ ਸਿੰਘ, ਜੀ.ਕੇ.ਯੂ. ਤਲਵੰਡੀ ਸਾਬੋ ਨੇ ਤੀਜਾ ਤੇ ਲਵਪ੍ਰੀਤ ਸਿੰਘ ਨੇ ਪੰਜਾਬ ਇੰਸਟੀਚਿਉਟ ਆਫ਼ ਟੈਕਨਾਲੋਜੀ ਨੰਦਗੜ੍ਹ ਨੇ ਚੌਥਾ ਸਥਾਨ ਹਾਸਿਲ ਕੀਤਾ। ਲੜਕੀਆਂ ਵਿੱਚ ਹਰਪ੍ਰੀਤ ਕੌਰ ਯੂਨੀਵਰਸਿਟੀ ਕਾਲਜ ਆਫ਼ ਘੁੱਦਾ ਨੇ ਪਹਿਲਾ, ਪ੍ਰੀਤ ਕੌਰ ਮਾਤਾ ਸੁੰਦਰੀ ਕਾਲਜ ਢੱਡੇ ਨੇ ਦੂਜਾ ਤੇ ਵਰਖਾ ਰਾਣੀ ਗੁਰੂ ਕਾਸ਼ੀ ਯੂਨੀਵਰਸਿਟੀ, ਤਲਵੰਡੀ ਸਾਬੋ ਨੇ ਤੀਜਾ ਸਥਾਨ ਹਾਸਲ ਕੀਤਾ। ਜੇਤੂਆਂ ਨੂੰ ਆਯੋਜਕਾਂ ਵੱਲੋਂ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਿਲ ਕਰਨ ਵਾਲੇ ਖਿਡਾਰੀਆਂ ਨੂੰ ਕ੍ਰਮਵਾਰ 2000, 1500 ਤੇ 1000 ਰੁਪਏ ਦੇ ਇਨਾਮ ਨਾਲ ਸਨਮਾਨਿਤ ਕੀਤਾ ਗਿਆ ।ਮੈਰਾਥਨ ਵਿੱਚ 25 ਕਾਲਜਾਂ ਦੇ ਲਗਭਗ 100 ਵਿਦਿਆਰਥੀਆਂ ਨੇ ਹਿੱਸਾ ਲਿਆ ।ਆਪਣੇ ਧੰਨਵਾਦੀ ਭਾਸ਼ਣ ਵਿੱਚ ਸਰਦੂਲ ਸਿੰਘ ਸਿੱਧੂ ਡਾਇਰੈਕਟਰ ਵਿਦਿਆਰਥੀ ਭਲਾਈ ਨੇ ਆਯੋਜਕਾਂ ਨੂੰ ਸਫਲ ਆਯੋਜਨ ਲਈ ਵਧਾਈ ਦਿੱਤੀ ਤੇ ਵਿਦਿਆਰਥੀਆਂ ਨੂੰ ਖੇਡਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਨੂੰ ਸਮੇਂ ਦਾ ਪਾਬੰਧ, ਜ਼ਿੰਮੇਵਾਰ ਅਤੇ ਅਨੁਸ਼ਾਸਨ ਵਿੱਚ ਰਹਿਣਾ ਸਿਖਾਉਂਦੀਆਂ ਹਨ ।ਮੈਰਾਥਨ ਦੇ ਸੁਚੱਜੇ ਪ੍ਰਬੰਧਨ ਲਈ ਉਨ੍ਹਾਂ ਐਨ.ਐਸ.ਐਸ. ਕੁਆਰਡੀਨੇਟਰ, ਪ੍ਰੋਗਰਾਮ ਅਫ਼ਸਰਾਂ ਅਤੇ ਸਮੂਹ ਵਲੰਟੀਅਰਾਂ ਨੂੰ ਵਧਾਈ ਦਿੱਤੀ। ਆਯੋਜਕਾਂ ਵੱਲੋਂ ਚਮਨ ਲਾਲ ਸਾਬਕਾ, ਲੇਖਾਕਾਰ ਲੁਧਿਆਣਾ ਉਨ੍ਹਾਂ ਦੇ ਵਿਸ਼ੇਸ਼ ਸਹਿਯੋਗ ਲਈ ਸਨਮਾਨਿਤ ਕੀਤਾ ਗਿਆ।

## ਗਗਨਦੀਪ ਸਿੰਘ ਤੇ ਹਰਪ੍ਰੀਤ ਕੌਰ ਨੇ ਜਿੱਤੀ ਰੈੱਡ-ਰਨ ਮੈਰਾਥਨ

ਆਵਾਜ਼ਿ ਕੌਮ AWAZE QAUM International Newspaper & WEB TV

# ਡੇਂਗੂ, ਮਲੇਰੀਆ, ਚਿਕਨਗੁਨੀਆ ਤੋਂ ਬਚਾਅ ਸਬੰਧਿਤ ਮੁਹਿੰਮ ਚਲਾਈ



**ਚੌਕ ਮਹਿਤਾ, 8 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਰਕਾਰ,ਸਿਹਤ ਵਿਭਾਗ ਅਤੇ ਸਿਵਲ ਸਰਜਨ ਅੰਮ੍ਰਿਤਸਰ ਡਾ.ਸੁਮੀਤ ਸਿੰਘ,ਜਿਲਾ ਐਪੀਡੀਮੋਲੋਜਿਸਟ ਡਾ.ਹਰਜੋਤ ਕੌਰ, ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀ ਐੱਚ ਸੀ ਤਰਸਿੱਕਾ ਐੱਸ ਐੱਮ ਓ ਡਾਕਟਰ ਮੋਨਾ ਚਤਰਥ ਦੀ ਰਹਿਨੁਮਾਈ ਹੇਠ ਅਤੇ ਸਹਾਇਕ ਮਲੇਰੀਆ ਅਫਸਰ ਕੰਵਲ ਬਲਰਾਜ ਸਿੰਘ ਸਿੰਘ ਦੀ ਯੋਗ ਅਗਵਾਈ ਹੇਠ ਅੱਜ ਸੀ ਐੱਚ ਸੀ ਤਰਸਿੱਕਾ ਦੇ ਅਧੀਨ ਆਉਂਦੇ ਐੱਸ ਐੱਚ ਸੀ ਡੇਹਰੀਵਾਲ ਦੇ ਪਿੰਡ ਕੋਟ ਖਹਿਰਾ ਵਿੱਚ ਸਪਰੇਅ ਅਤੇ ਬ੍ਰੀਡਿੰਗ ਚੈੱਕ ਕੀਤੀ , ਡੇਂਗੂ ਤੇ ਵਾਰ " ਅਭਿਆਨ ਤਹਿਤ ਡੇਂਗੂ,ਮਲੇਰੀਆ ਅਤੇ ਚਿਕਨਗੁਨੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ ਅਤੇ ਲੋਕਾਂ ਨੂੰ ਆਪਣੇ ਘਰਾਂ,ਆਲੇ ਦੁਆਲੇ ਅਤੇ ਦੀ ਸਾਫ ਸਫਾਈ ਰੱਖਣ, ਵਾਧੂ ਪਾਣੀ ਨਾ ਖੜ੍ਹਾ ਹੋਣ ਦੇਣ, ਫਰਿੱਜਾਂ ਦੀ ਹੇਠਲੀ ਪਿਛਲੇ ਪਾਸੇ ਵੇਸਟ ਪਾਣੀ ਵਾਲੀ ਟਰੇਅ,ਕੂਲਰ, ਗਮਲੇ,ਟਾਇਰ, ਕਬਾੜ ਆਦਿ ਵਿੱਚ ਪਾਣੀ ਜਮਾਂ ਨਾਂ ਹੋਣ ਦੇਣ ਬਾਰੇ ਦੱਸਿਆ ਗਿਆ ਇਸ ਮੁਹਿੰਮ ਤਹਿਤ ਸੀਨੀਅਰ ਮਲਟੀਪਰਪਜ ਹੈਲਥ ਸੁਪਰਵਾਈਜ਼ਰ ਅਜਮੇਰ ਸਿੰਘ ਸੋਹੀ ਅਤੇ ਰਵਿੰਦਰ ਸਿੰਘ ਹੈਲਥ ਸੁਪਰਵਾਈਜ਼ਰਾਂ ਨੇ ਡੇਂਗੂ ਬੁਖਾਰ ਦੇ ਲੱਛਣ, ਬਚਾਅ ਅਤੇ ਮੁਫਤ ਇਲਾਜ ਬਾਰੇ ਦੱਸਿਆ। ਦੋ ਘਰਾ ਵਿਚ ਮਿਲੇ ਲਾਰਵਾ ਨੂੰ ਮੌਕੇ ਤੇ ਨਸ਼ਟ ਕੀਤਾ ਗਿਆ। ਇਸ ਮੌਕੇ ਮਨਬੀਰ ਸਿੰਘ ਐਮ ਪੀ ਐਚ ਡਬਲਯੂ ,ਅੰਮ੍ਰਿਪਾਲ ਸਿੰਘ ,ਵੰਸਦੀਪ ਸਿੰਘ, ਜਗਜੀਤ ਸਿੰਘ ਹਰਭੇਜ ਸਿੰਘ, ਹਰਭਿੰਦਰ ਸਿੰਘ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਮਾਂ ਦਾ ਪਹਿਲਾ ਦੁੱਧ ਬੱਚੇ ਲਈ ਵਰਦਾਨ -ਡਾ. ਭਾਵਨਾ, ਕੋਮਲਪ੍ਰੀਤ ਕੌਰ



**ਚੌਕ ਮਹਿਤਾ, 8 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਾਨਯੋਗ ਸਿਵਲ ਅੰਮ੍ਰਿਸਰ ਸਰਜਨ ਡਾ. ਸੁਮੀਤ ਸਿੰਘ ਜੀ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਐਸ, ਐਮ,ਉ ਡਾ, ਮੋਨਾ ਚਤੁਰਥ ਦੀ ਅਗਵਾਈ ਹੇਠ ਪਿੰਡ ਚੰਨਣਕੇ ਦੀ ਸਰਕਾਰੀ ਡਿਸਪੈਂਸਰੀ ਵਿੱਚ ਗਰਭਵਤੀ ਔਰਤਾਂ ਅਤੇ ਨਵਜਨਮੇ ਬੱਚਿਆਂ ਦੀਆਂ ਮਾਵਾ ਨੂੰ ਦੁੱਧ ਪਿਲਾਉਣ ਲਈ ਉਤਸ਼ਾਹਿਤ ਕਰਨ ਦੇ ਮਕਸਦ ਲਈ ਇਸ ਮੋਕੇ ਤੇ ਗਰਭਵਤੀ ਔਰਤਾਂ ਤੇ ਮਾਵਾ ਨੂੰ ਸੰਬੋਧਨ ਕਰਦਿਆ ਕਿਹਾ ਕਿ ਮਾਂ ਦਾ ਦੁੱਧ ਬੱਚੇ ਲਈ ਵਰਦਾਨ ਹੈ ਅਤੇ ਇਹ ਨਵਜਨਮੇ ਬੱਚਿਆਂ ਲਈ ਸੰਪੂਰਨ ਅਹਾਰ ਹੁੰਦਾ ਹੈ ਕਿਉਕਿ ਇਸ ਵਿੱਚ ਐਂਟੀਬਾਡੀਜ ਹੁੰਦੇ ਹਨ ਜ਼ੋ ਕਈ ਪ੍ਰਚਿੱਲਤ ਬਾਲ ਰੋਗਾ ਨੂੰ ਰੋਕਣ ਵਿੱਚ ਸਹਾਇਤਾ ਕਰਦੇ ਹਨ .ਉਹਨਾਂ ਕਿਹਾ ਕਿ ਮਾਂ ਦੇ ਦੁੱਧ ਦੀ ਮਹੱਤਤਾ ਸਬੰਧੀ ਹਫਤੇ ਦਾ ਇਸ ਸਾਲ ਦਾ ਥੀਮ ਪਾੜੇ ਨੂੰ ਘਟਾਉਣਾ ਮਾਂ ਦਾ ਦੁੱਧ ਪਿਲਾਉਣ ਲਈ ਸਾਰਿਆਂ ਵੱਲੋ ਸਹਿਯੋਗ ਕਰਨਾ ਹੈ. ਇਸ ਦਾ ਮਕਸਦ ਹੈ ਕਿ ਇੱਕ ਮਾਂ ਨੂੰ ਆਪਣੇ ਬੱਚੇ ਨੂੰ ਦੁੱਧ ਪਿਲਾਉਣ ਲਈ ਟੁੱਕਵਾ ਵਾਤਾਵਰਣ ਮੁਹੱਇਆ ਕਰਵਾਉਣਾ ਤਾਂ ਜ਼ੋ ਉਹ ਅਰਾਮ ਨਾਲ ਅਤੇ ਗੁਪਤ ਤਰੀਕੇ ਨਾਲ ਬੱਚੇ ਨੂੰ ਦੁੱਧ ਪਿਲਾ ਸਕੇ ਇਸ ਮੋਕੇ ਜਿਲ੍ਹਾ ਟੀਕਾਕਰਨ ਅਫਸਰ ਕਮ ਨੋਡਲ ਚਾਇਲਡ ਅਫਸਰ ਨੇ ਕਿਹਾ ਕਿ ਬੱਚੇ ਦੇ ਪਹਿਲੇ 6 ਮਹੀਨਿਆ ਤੱਕ ਸਿਰਫ ਮਾਂ ਦਾ ਦੁੱਧ ਹੀ ਪਿਲਾਉਣਾ ਚਾਹੀਦਾ ਹੈ 6 ਮਹੀਨਿਆਂ ਤੋ ਬਾਅਦ ਮਾਂ ਦੇ ਦੁੱਧ ਦੇ ਨਾਲ ਦਾਲਾਂ ਜਾ ਚੌਲਾਂ ਦਾ ਪਾਣੀ , ਮੇਸ਼ ਕੀਤੇ ਹੋਏ ਫਲ ਆਦਿ ਦਿੱਤੇ ਜਾ ਸਕਦੇ ਹਨ . ਉਹਨਾ ਕਿਹਾ ਕਿ ਮੈ ਦਾ ਦੁੱਧ ਪਿਲਾਉਣਾ ਮਾਂ ਅਤੇ ਬੱਚੇ ਦੋਵਾ ਲਈ ਫਾਇਦੇਮੰਦ ਹੁੰਦਾ ਹੈ . ਮਾਂ ਦੇ ਦੁੱਧ ਵਿੱਚ ਮੌਜੂਦ ਵਿੱਚ ਪਹਿਲਾ ਪੀਲਾ ਗਾੜ੍ਹਾ ਦੁੱਧ ਨਵਜਨਮੇ ਬੱਚਿਆਂ ਦੇ ਸਿਹਤਮੰਦ ਵਿਕਾਸ ਨੂੰ ਉਤਸ਼ਾਹਿਤ ਕਰਦਾ ਹੈ . ਇਸ ਬੱਚਿਆਂ ਦੀ ਅਚਾਨਕ ਮੌਤ ਦੀ ਬਿਮਾਰੀ (ਆਈ.ਡੀ.ਐਸ.ਐਫ) ਦਸਤ ਕਬਜ ਆਦਿ ਬਿਮਾਰੀਆਂ ਤੋ ਵੀ ਬੱਚੇ ਦਾ ਬਚਾਅ ਕਰਦਾ ਹੈ ਉਹਨਾ ਕਿਹਾ ਕਿ ਦੁੱਧ ਪਿਲਾਉਣ ਵਾਲੀਆਂ ਮਾਵਾ ਨੂੰ ਛਾਤੀ ਅਤੇ ਓਵਰੀਜ ਦੇ ਕੈਂਸਰ , ਸ਼ੁੱਗਰ ਰੋਗ, ਮੋਟਾਪਾ ਆਦਿ ਦਾ ਖਤਰਾ ਵੀ ਘੱਟ ਜਾਦਾ ਹੈ ਇਸ ਮੋਕੇ ਡਾ, ਭਾਵਨਾ, ਕੋਮਲਪ੍ਰੀਤ ਕੌਰ, ਏ ਐਨ ਐਮ, ਨਿਰਮਲ ਸਿੰਘ ਹੈਲਥ ਵਰਕਰ ਆਦਿ ਸਟਾਫ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ੴ ਸਤਿਗੁਰ ਪ੍ਰਸਾਦਿ॥
ਸੂਰਾ ਸੋ ਪਹਿਚਾਨੀਐ, ਜੋ ਲਰੈ ਦੀਨ ਕੇ ਹੇਤ॥
ਪੁਰਜਾ ਪੁਰਜਾ ਕਟਿ ਮਰੈ, ਕਬਹੂੰ ਨਾ ਛਾਡੇ ਖੇਤ॥





# ਸ਼ਹੀਦ ਭਾਈ ਸਤਨਾਮ ਸਿੰਘ ਸੱਤਾ (KCF)

## 36ਵਾਂ ਸ਼ਹੀਦੀ ਸਮਾਗਮ

ਆਪ ਜੀ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਸ਼ਹੀਦ ਭਾਈ ਸਤਨਾਮ ਸਿੰਘ ਸੱਤਾ (KCF) ਜੀ ਜੋ ਕਿ ਮਿਤੀ 09-08-1988 ਨੂੰ ਸ਼ਹੀਦੀ ਪਾ ਗਏ ਸਨ। ਉਨ੍ਹਾਂ ਦੇ 36ਵੇਂ ਸ਼ਹੀਦੀ ਸਮਾਗਮ ਦੇ ਸਬੰਧ ਵਿੱਚ ਸ਼੍ਰੀ ਸੁਖਮਨੀ ਸਾਹਿਬ ਜੀ ਦਾ ਭੋਗ

## ਮਿਤੀ 11-08-2024 ਦਿਨ ਐਤਵਾਰ ਨੂੰ

## ਗੁਰਦੁਆਰਾ ਸਾਹਿਬ ਪਿੰਡ ਭੈਣੀ ਸਾਲੂ, ਜ਼ਿਲ੍ਹਾਂ ਲੁਧਿਆਣਾ ਜੀ

ਵਿੱਚ ਹੋਵੇਗਾ

ਕੀਰਤਨ ਸਵੇਰੇ 11:00 ਤੋਂ 12:30 ਤੱਕ ਸਾਡੇ ਗ੍ਰਹਿ ਪਿੰਡ ਭੈਣੀ ਸਾਲੂ, ਜ਼ਿਲ੍ਹਾ ਲੁਧਿਆਣਾ ਵਿਖੇ ਪਵੇਗਾ।
ਆਪ ਜੀ ਨੇ ਪਰਿਵਾਰ ਸਮੇਤ ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ਜੀ
ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤੇਗਾ।

**ਬੇਨਤੀ ਕਰਤਾ**
**ਸਮੂਹ ਪਰਿਵਾਰ ਸੁਖਵੰਤ ਸਿੰਘ ਖਾਲਸਾ ਸਪੁੱਤਰ**
**ਭਾਈ ਸਤਨਾਮ ਸਿੰਘ ਸੱਤਾ ਜੀ (ਮੋ: 98152-97939)**



ਆਵਾਜ਼ਿ ਕੌਮ AWAZE QAUM International Newspaper & WEB TV



--✶ ਜਾਰੀ ਕਰਤਾ ✶--

# ਜੱਥੇਦਾਰ ਸੁਰਿੰਦਰ ਸਿੰਘ ਠੀਕਰੀਵਾਲ
# ਮੁਖ ਸੇਵਾਦਾਰ ਜੱਥਾ ਠੀਕਰੀਵਾਲ

### ਭਾਈ ਹਰਦੀਪ ਸਿੰਘ ਨਿੱਝਰ ਕਤਲ ਕੇਸ ਦੀ ਚੌਥੀ ਸੁਣਵਾਈ ਸਮੇਂ

# ਅਦਾਲਤ ਵਿੱਚ ਚਾਰੇ ਮੁਲਜ਼ਮ ਪੇਸ਼ ਨਹੀਂ ਕੀਤੇ ਗਏ




ਨਵੀਂ ਦਿੱਲੀ 8 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਸਰੀ ਦੀ ਸੂਬਾਈ ਅਦਾਲਤ ਵਿੱਚ ਚਾਰ ਭਾਰਤੀ ਨਾਗਰਿਕ ਫਸਟ ਡਿਗਰੀ ਕਤਲ ਅਤੇ ਕਤਲ ਦੀ ਸਾਜ਼ਿਸ਼ ਰਚਣ ਦੇ ਦੋਸ਼ਾਂ ਦਾ ਸਾਹਮਣਾ ਕਰ ਰਹੇ ਹਨ, ਜਿਨ੍ਹਾਂ ਦੇ ਨਾਮ ਕਰਨ ਬਰਾੜ, ਕਰਨਪ੍ਰੀਤ, ਕਮਲਪ੍ਰੀਤ ਅਤੇ ਅਮਨਦੀਪ ਹੈ ਜਿਨਾਂ ਨੂੰ ਬੀਤੇ ਦਿਨੀਂ ਅਦਾਲਤ ਵਿੱਚ ਪੇਸ਼ ਨਹੀਂ ਕੀਤਾ ਗਿਆ, ਵੀਡੀਓ ਰਾਹੀਂ ਹੋ ਰਹੀ ਇਸ ਅਦਾਲਤੀ ਕਾਰਵਾਈ ਵਿੱਚ ਆਡੀਓ ਦੀ ਕੁਝ ਤਕਨੀਕੀ ਕਾਰਨਾਂ ਕਰਕੇ ਅਦਾਲਤ ਅੱਧੇ ਘੰਟੇ ਲਈ ਉਠਾ ਦਿੱਤੀ ਗਈ ਉਪਰੰਤ ਸਰਕਾਰੀ ਵਕੀਲ ਅਤੇ ਚਾਰੇ ਮੁਲਜ਼ਮਾਂ ਦੇ ਵਕੀਲ ਵੀਡੀਓ ਰਾਹੀਂ ਜੱਜ ਦੇ ਸਾਹਮਣੇ ਅਦਾਲਤੀ ਕਾਰਵਾਈ ਲਈ ਹਾਜ਼ਰ ਹੋਏ।

**ਵਕੀਲਾਂ ਦੀ ਵੀਡੀਓ ਰਾਹੀਂ ਹੋਈ ਜੱਜ ਨਾਲ ਅਦਾਲਤੀ ਕਾਰਵਾਈ**

ਸਰਕਾਰੀ ਵਕੀਲ ਨੇ ਜੱਜ ਸਾਹਿਬ ਕੋਲੋਂ ਇਸ ਕੇਸ ਲਈ ਲੋੜੀਂਦੇ ਹੋਰ ਦਸਤਾਵੇਜ ਇਕੱਠੇ ਕਰਨ ਲਈ ਸਮੇਂ ਦੀ ਮੰਗ ਕੀਤੀ ਅਤੇ ਅਦਾਲਤ ਦੀ ਕਾਰਵਾਈ 1ਅਕਤੂਬਰ 2024 ਨੂੰ ਪਾਉਣ ਲਈ ਅਪੀਲ ਕੀਤੀ, ਜਿਸ ਵਿੱਚ ਸਰਕਾਰੀ ਵਕੀਲ ਨੇ ਦੱਸਿਆ ਕਿ ਉਹਨਾਂ ਨੇ 10 ਹਜਾਰ ਤੋਂ ਵੱਧ ਪੰਨਿਆਂ ਦੀ ਇੱਕ ਰਿਪੋਰਟ ਤਿਆਰ ਕਰ ਲਈ ਹੈ ਅਤੇ ਲਗਭਗ 10 ਹਜਾਰ ਹੋਰ ਪੰਨਿਆਂ ਦੀ ਰਿਪੋਰਟ ਤਿਆਰ ਕਰਨ ਵਾਲੀ ਬਾਕੀ ਹੈ ਜਿਸ ਲਈ ਹੋਰ ਸਮੇਂ ਦੀ ਲੋੜ ਹੈ ਇਸ ਵਿੱਚ ਮੁਜਰਮਾਂ ਦੇ ਸਾਰੇ ਵਕੀਲਾਂ ਨੇ ਵੀ ਸਹਿਮਤੀ ਪ੍ਰਗਟ ਕੀਤੀ ਅਤੇ ਜੱਜ ਸਾਹਿਬ ਨੇ ਅਗਲੀ ਤਰੀਕ 1 ਅਕਤੂਬਰ ਲਈ ਸਰੀ ਦੀ ਸੂਬਾਈ ਅਦਾਲਤ ਵਿੱਚ ਮੁਕਰਰ ਕਰ ਦਿੱਤੀ ਅਤੇ ਸਰਕਾਰੀ ਵਕੀਲ ਦਾ ਇਹ ਵੀ ਕਹਿਣਾ ਸੀ ਕਿ ਇਹ ਕੇਸ ਅੱਗੋਂ ਬ੍ਰਿਟਿਸ਼ ਕੋਲੰਬੀਆ ਦੀ ਸੁਪਰੀਮ ਕੋਰਟ ਵਿੱਚ ਚੱਲੇਗਾ ।

ਆਵਾਜ਼ਿ ਕੌਮ AWAZE QAUM International Newspaper & WEB TV

ਇਹਨਾਂ ਭਾਰਤੀ ਭਾੜੇ ਦੇ ਕਾਤਲਾਂ ਦੀ ਪੇਸ਼ੀ ਦੌਰਾਨ ਸਰੀ ਵੈਨਕੋਵਰ ਦੀਆਂ ਸਿੱਖ ਸੰਗਤਾਂ ਦਾ ਵੱਡਾ ਇਕੱਠ ਅਦਾਲਤ ਦੇ ਅੰਦਰ ਅਤੇ ਬਾਹਰ ਮੌਜੂਦ ਸੀ, ਜਿਨ੍ਹਾਂ ਨੇ ਵੱਡੇ ਵੱਡੇ ਬੈਨਰ ਜਿਨਾਂ ਉੱਪਰ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਜੈਸ਼ੰਕਰ, ਮਨੀਸ਼ ਅਤੇ ਇਹਨਾਂ ਕਾਤਲਾਂ ਦੀਆਂ ਤਸਵੀਰਾਂ ਲੱਗੀਆਂ ਹੋਈਆਂ ਸਨ, ਜੋ ਇਹ ਦਰਸਾਉਂਦੀਆਂ ਸਨ ਕਿ ਭਾਈ ਹਰਦੀਪ ਸਿੰਘ ਨਿੱਝਰ ਦੇ ਅਸਲੀ ਕਾਤਲ ਭਾਰਤ ਦੇ ਸੱਤਾਧਾਰੀ ਰਾਜਨੀਤਿਕ ਲੋਕ ਹਨ ਅਤੇ ਸਿੱਖ ਸੰਗਤਾਂ ਦੇ ਹੱਥਾਂ ਵਿੱਚ ਖਾਲਸਾਈ ਨਿਸ਼ਾਨ ਸਾਹਿਬ ਫੜੇ ਹੋਏ ਸਨ, ਨੌਜਵਾਨਾਂ ਵੱਲੋਂ ਭਾਈ ਹਰਦੀਪ ਸਿੰਘ ਨਿੱਝਰ ਜਿੰਦਾਬਾਦ, ਨਿੱਝਰ ਤੇਰੀ ਸੋਚ ਤੇ ਪਹਿਰਾ ਦਿਆਂਗੇ ਠੋਕ ਕੇ, ਪੰਜਾਬ ਦੀ ਆਜ਼ਾਦੀ ਤੇ ਪਹਿਰਾ ਦਿਆਂਗੇ ਠੋਕ ਕੇ, ਖਾਲਿਸਤਾਨ ਜ਼ਿੰਦਾਬਾਦ ਦੇ ਨਾਅਰੇ ਲਗਾਏ ਗਏ।

ਮੇਨ ਸਟਰੀਟ ਅਤੇ ਪੰਜਾਬੀ ਮੀਡੀਆ ਵੱਡੀ ਪੱਧਰ ਤੇ ਪਹੁੰਚਿਆ ਹੋਇਆ ਸੀ ਜਿਸ ਨਾਲ ਗੁਰਦੁਆਰਾ ਸਾਹਿਬ ਦੇ ਸਕੱਤਰ ਭਾਈ ਭੁਪਿੰਦਰ ਸਿੰਘ ਹੋਠੀ ਅਤੇ ਬੀਸੀ ਗੁਰਦੁਆਰਾ ਕੌਂਸਲ ਦੇ ਬੁਲਾਰੇ ਮਨਿੰਦਰ ਸਿੰਘ ਨੇ ਮੀਡੀਏ ਨਾਲ ਗੱਲਬਾਤ ਕੀਤੀ।ਮਾਮਲੇ ਦੀ ਕਾਰਵਾਈ ਦੇਖਣ ਸੁਣਨ ਵਾਸਤੇ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਸਰੀ ਦੇ ਸੇਵਾਦਾਰ ਵੀ ਪਹੁੰਚੇ ਹੋਏ ਸਨ ਜਿਨਾਂ ਵਿੱਚ ਭਾਈ ਗੁਰਮੀਤ ਸਿੰਘ ਤੂਰ, ਭਾਈ ਭੁਪਿੰਦਰ ਸਿੰਘ ਹੋਠੀ, ਭਾਈ ਨਰਿੰਦਰ ਸਿੰਘ ਖਾਲਸਾ, ਭਾਈ ਅਵਤਾਰ ਸਿੰਘ ਖਹਿਰਾ, ਭਾਈ ਗੁਰਭੇਜ ਸਿੰਘ, ਬੀਬੀ ਪਰਮਿੰਦਰ ਕੌਰ ਸਮੇਤ ਵਡੀ ਗਿਣਤੀ ਅੰਦਰ ਸੰਗਤਾਂ ਪਹੁੰਚੀਆਂ ਹੋਈਆਂ ਸਨ।

### ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਨੇ

# ਵੈਕਿਊਮ ਮਸ਼ੀਨਾਂ ਨੂੰ ਹਰੀ ਝੰਡੀ ਦੇ ਕੇ ਕੀਤਾ ਰਵਾਨਾ



**ਧੂਰੀ, ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਵੱਲੋਂ ਆਪਣੇ ਹਲਕੇ ਧੂਰੀ ਵਿਖੇ ਸਹਿਰ ਨੂੰ ਕੂੜੇ ਨੂੰ ਅਲੱਗ ਅਲੱਗ ਰੱਖਣ ਲਈ ਕੂੜਾ ਵਹੀਕਲਾ ਨੂੰ ਮੁੱਖ ਰੱਖਦਿਆ ਵੈਕਿਊਮ ਮਸੀਨਾਂ ਭੇਜੀਆਂ ਗਈਆ । ਜਿਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕਰਨ ਦੀ ਰਸਮ ਪ੍ਰੋ .ਓਂਕਾਰ ਸਿੰਘ ਸਿੱਧੂ ਓ,ਐਸ,ਡੀ ਮੁੱਖ ਮੰਤਰੀ ਪੰਜਾਬ ਨੇ ਕੀਤੀ ।ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਪ੍ਰੋ, ਓਂਕਾਰ ਸਿੰਘ ਸਿੱਧੂ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਧੂਰੀ ਸਹਿਰ ਨੂੰ ਨਮੂਨੇ ਦਾ ਸਹਿਰ ਬਣਾਉਣ ਲਈ ਬਚਨਵੱਧ ਹਨ। ਧੂਰੀ ਸਹਿਰ ਦੇ ਰਹਿੰਦੇ ਵਿਕਾਸ ਕਾਰਜ ਜਲਦੀ ਸ਼ੁਰੂ ਹੋਣ ਜਾ ਰਹੇ ਹਨ ਅਤੇ ਕਈ ਕੰਮਾਂ ਦੇ ਟੈਂਡਰ ਵੀ ਹੋ ਚੁੱਕੇ ਹਨ। ਇਸ ਮੌਕੇ ਅੰਮ੍ਰਿਤ ਬਰਾੜ ਦਫਤਰ ਇੰਚਾਰਜ, ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ, ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ, ਸੰਦੀਪ ਤਾਇਲ ਪੱਪੂ ਜੌਲੀ, ਆਪ ਆਗੂ ਬਲਵਿੰਦਰ ਸਿੰਘ ਬਿੱਲੂ , ਬਲਾਕ ਪ੍ਰਧਾਨ ਸੁਖਪਾਲ ਪਾਲਾ, ਨਰੇਸ ਸਿੰਗਲਾ, ਆਪ ਆਗੂ ਅਮਰੀਕ ਸਿੰਘ ਸੋਹੀ ਭੋਜੋਵਾਲੀ, ਐਮ ਸੀ ਗੋਰਾ, ਮਨੀ ਐਮ,ਸੀ, ਪ੍ਰੇਮ ਬਾਂਸਲ ਐਮਸੀ, ਆਪ ਆਗੂ ਅਰਵਿੰਦ ਸਰਮਾ ਨਾਭਾ, ਭੁਪਿੰਦਰ ਸਿੰਘ ਐਮ,ਸੀ, ਆਪ ਆਗੂ ਨਾਹਰ ਸਿੰਘ ਮੀਮਸਾ, ਆਪ ਆਗੂ ਮਾਣਾ ਗਰੇਵਾਲ, ਆਪ ਆਗੂ ਭਿੰਦਾ ਵਿਰਕ, ਆਪ ਆਗੂ ਬਿੱਲਾ ਸਾਹੀਵਾਲ, ਅਪ ਆਗੂ ਗੁਰੀ ਮਾਨ,ਆਪ ਆਗੂ ਗੁਰਵਿੰਦਰ ਸਿੰਘ, ਬਲਾਕ ਪ੍ਰਧਾਨ ਮਿਲਖ ਰਾਜ ,ਆਪ ਆਗੂ ਹੈਪੀ ਗੋਇਲ, ਆਪ ਆਗੂ ਮੇਲ ਮਾਹਮਦਪੁਰ, ਆਪ ਆਗੂ ਨਰੇਸ ਸਿੰਗਲਾ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਐਸ ਐਚ ਓ ਮੱਤੇਵਾਲ ਖੁਸ਼ਬੂ ਸ਼ਰਮਾ ਦੀ ਅਗਵਾਈ ਹੇਠ ਈਗਲ ਸਰਚ ਅਪ੍ਰੇਸ਼ਨ ਚਲਾਇਆ





**ਚੌਕ ਮਹਿਤਾ, 08 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਡੀਜੀਪੀ ਪੰਜਾਬ ਦੀਆਂ ਹਦਾਇਤਾਂ ਤੇ ਐਸ ਐਸ ਪੀ ਚਰਨਜੀਤ ਸਿੰਘ ,ਆਈ ਪੀ ਐਸ ਦੀ ਰਹਿਨੁਮਾਈ ਹੇਠ ਐਸ ਐਚ ਓ ਖੁਸ਼ਬੂ ਸ਼ਰਮਾ ਵੱਲੋਂ ਨਸ਼ਾ ਤਸਕਰਾਂ ਤੇ ਸਮਾਜ ਦੇ ਮਾੜੇ ਅਨਸਰਾਂ ਨੂੰ ਨੱਥ ਪਾਉਣ ਤੇ ਅਮਨ ਸ਼ਾਂਤੀ ਬਣਾਈ ਰੱਖਣ ਲਈ ਥਾਣਾ ਮੱਤੇਵਾਲ ਅਧੀਨ ਆਉਂਦੇ ਵੱਖ ਵੱਖ ਪਿੰਡਾਂ ਵਿੱਚ ਨਸਾ ਤਸਕਰ ਸਮਗਲਰ ਤੇ ਜੁਰਾਇਮ ਪੇਸ਼ਾ ਵਿਅਕਤੀ ਜੋ ਜ਼ਮਾਨਤ ਤੇ ਬਾਹਰ ਆਏ ਹਨ ਤੇ ਸ਼ੱਕੀ ਵਿਅਕਤੀਆਂ ਦੀਆਂ ਰਿਹਾਇਸ਼ਾਂ ਤੇ ਬਰੀਕੀ ਨਾਲ ਈਗਲ ਸਰਚ ਅਪ੍ਰੇਸ਼ਨ ਚਲਾਇਆ ਗਿਆ।ਤੇ ਉਹਨਾਂ ਦੀ ਮੌਜੂਦਾ ਗਤੀਵਿਧੀਆਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਲਈ ਗਈ ਇਸ ਤੋਂ ਇਲਾਵਾ ਵਹੀਕਲਾਂ ਨੂੰ ਚੈੱਕ ਕਰਕੇ ਉਹਨਾਂ ਦੀ ਮਾਲਕੀ ਵੀ ਚੈੱਕ ਕੀਤੀ ਗਈ। ਜਿੰਨਾ ਕੋਲ ਕਾਗਜ਼ਾਤ ਨਹੀਂ ਸਨ ਉਹ ਮੋਟਰਸਾਈਕਲ ਬੰਦ ਕੀਤੇ ਗਏ ਪੁਲਿਸ ਵੱਲੋਂ ਚਰਚ ਦੌਰਾਨ ਇਲਾਕੇ ਦੇ ਲੋਕਾਂ ਨਾਲ ਗੱਲਬਾਤ ਕਰਦੇ ਉਹਨਾਂ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ ਤੇ ਅਪੀਲ ਕੀਤੀ ਗਈ ਕਿ ਅਗਰ ਕੋਈ ਵਿਅਕਤੀ ਉਹਨਾਂ ਦੇ ਇਲਾਕੇ ਵਿੱਚ ਨਸ਼ਾ ਤਸਕਰੀ ਜਾਂ ਕੋਈ ਹੋਰ ਗੈਰ ਕਾਨੂੰਨੀ ਕੰਮ ਕਰਦਾ ਤਾਂ ਉਸਦੀ ਸੂਚਨਾ ਤੁਰੰਤ ਪੁਲਿਸ ਨੂੰ ਦਿੱਤੀ ਜਾਵੇ ਤੇ ਸੂਚਨਾ ਦੇਣ ਵਾਲੇ ਵਿਅਕਤੀ ਦਾ ਨਾਮ ਪੂਰੀ ਤਰ੍ਹਾਂ ਗੁਪਤ ਰੱਖਿਆ ਜਾਵੇਗਾ ।

ਆਵਾਜ਼ਿ ਕੌਮ AWAZE QAUM International Newspaper & WEB TV

# ਮਹਾਨ ਅੰਮ੍ਰਿਤ ਸੰਚਾਰ ਗੁਰਦੁਆਰਾ ਸ੍ਰੀ ਡੇਹਰਾ ਸਾਹਿਬ ਬਟਾਲਾ 5 ਸਤੰਬਰ ਨੂੰ

**ਚੌਕ ਮਹਿਤਾ, 8 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾ ਪਿਆਰਿਆਂ ਅਗਵਾਈ ਦੀ ਹੇਠ,ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਛਤਰ ਛਾਇਆ ਹੇਠ,ਸਰਮੋਣੀ ਗੁਰਦੁਆਰਾ ਪ੍ਰਬੰਧਕ ਸ੍ਰੀ ਅੰਮ੍ਰਿਤਸਰ ਸਾਹਿਬ ਜੀ ਪ੍ਰਧਾਨ ਐਡਵੋਕੇਟ ਸ, ਹਰਜਿੰਦਰ ਸਿੰਘ ਧਾਮੀ ਅਤੇ ਸਰਮੋਣੀ ਗੁਰਦੁਆਰਾ ਪ੍ਰਬੰਧਕ ਅੰਮ੍ਰਿਤਸਰ ਜੀ ਦੇ ਮੈਬਰ ਸ, ਗੁਰਵਿੰਦਰਪਾਲ ਸਿੰਘ ਗੋਰਾ ਜੀ ਵਿਸੇਸ ਸਹਿਯੋਗ ਦੇ ਨਾਲ ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਨੂੰ ਸਮਰਪਿਤ ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਅਸਥਾਨ, ਮਾਤਾ ਸੁਲੱਖਣੀ ਜੀ ਦੇ ਪੇਕਾ ਘਰ ਗੁਰਦੁਆਰਾ ਸ੍ਰੀ ਡੇਹਰਾ ਸਾਹਿਬ ਬਟਾਲਾ ਨੇੜੇ ਗੁਰਦੁਆਰਾ ਸ੍ਰੀ ਕੰਧ ਸਾਹਿਬ ਜੀ ਦੇ ਵਿਖੇ ਪਹਿਲੀ ਵਾਰ ਮਹਾਨ ਅੰਮ੍ਰਿਤ ਸੰਚਾਰ ਮਿਤੀ 5 ਸਤੰਬਰ 2024 ਦਿਨ ਵੀਰਵਾਰ ਨੂੰ ਸਵੇਰੇ 10 ਵਜੇ ਹੋਵੇਗਾ, ਜਥੇਦਾਰ ਗੁਰਵਿੰਦਰਪਾਲ ਸਿੰਘ ਗੋਰਾ ਮੈਬਰ ਸਰਮੋਣੀ ਗੁਰਦੁਆਰਾ ਪ੍ਰਬੰਧਕ ਸ੍ਰੀ ਅੰਮ੍ਰਿਤਸਰ ਸਾਹਿਬ ਜੀ ਨੇ ਦੱਸਿਆ ਕਿ ਸ੍ਰੀ ਅਕਾਲ ਤਖਤ ਸਾਹਿਬ ਜੀ ਸ੍ਰੀ ਅੰਮ੍ਰਿਤਸਰ ਸਾਹਿਬ ਜੀ ਤੋਂ ਪੰਜ ਪਿਆਰੇ ਸਹਿਬਾਨ ਵਿਸੇਸ ਤੌਰ ਤੇ ਪਾਹੁੰਚ ਕਿ ਅੰਮ੍ਰਿਤ ਦਾ ਬਾਟਾ ਤਿਆਰ ਕਰਨਗੇ ਅੰਮ੍ਰਿਤ ਛਕਣ ਵਾਲੇ ਪ੍ਰਾਣੀਆਂ ਨੂੰ ਕਕਾਰ ਭੇਟਾ ਰਹਿਤ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਜੀ ਵੱਲੋਂ ਦਿੱਤੇ ਜਾਣਗੇ। ਸਮੂਹ ਸੰਗਤਾ ਨੂੰ ਜਥੇਦਾਰ ਗੁਰਵਿੰਦਰਪਾਲ ਸਿੰਘ ਗੋਰਾ ਅਤੇ ਗੁਰਦੁਆਰਾ ਸਾਹਿਬ ਜੀ ਦੇ ਮੈਨੇਜਰ ਵੱਲੋਂ ਬੇਨਤੀ ਕੀਤੀ ਜਾਂਦੀ ਹੈ ਕਿ ਪਰਿਵਾਰਾ ਸਮੇਤ ਅੰਮ੍ਰਿਤ ਛਕ ਕਿ ਗੁਰੂ ਸਾਹਿਬ ਜੀ ਦੀਆਂ ਖੁਸੀਆ ਪ੍ਰਾਪਤ ਕਰਨ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਹੁਣ ਸੰਤਾਂ ਮਹਾਂਪੁਰਖਾਂ ਨੇ ਚੁੱਕਿਆ ਬੀੜਾ ਪੰਜਾਬ ਵਿਚ ਬੂਟੇ ਲਾਉਣ ਦਾ

# ਤਾਂ ਜੋ ਵੱਧ ਰਹੀ ਗਰਮੀ ਨੂੰ ਠੱਲ ਪਾਈ ਜਾਵੇ...



ਫ਼ਿਰੋਜ਼ਪੁਰ, 8 ਅਗਸਤ (ਮਨੋਹਰ ਲਾਲ) :— ਹੁਣ ਸੰਤਾਂ ਮਹਾਂਪੁਰਖਾਂ ਨੇ ਤਹੀਆਂ ਕੀਤਾ ਕਿ ਪੰਜਾਬ ਵਿਚ ਵੱਧ ਤੋਂ ਵੱਧ ਬੂਟੇ ਲਾ ਕੇ ਪੰਜਾਬ ਨੂੰ ਹਰਾ—ਭਰਿਆ ਕੀਤਾ ਜਾਵੇ ਤਾਂ ਜ਼ੋ ਵਾਤਾਵਰਣ ਦੀ ਸ਼ੁੱਧਤਾ ਅਤੇ ਵੱਧ ਰਹੀ ਗਰਮੀ ਨੂੰ ਠੱਲ ਪਾਈ ਜਾਵੇ। ਇਸ ਕੜੀ ਤਹਿਤ ਹੁਣ ਡੇਰਾ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ ਦੇ ਮੁੱਖ ਸੇਵਾਦਾਰ ਸ਼੍ਰੀਮਾਨ ਸੰਤ ਬਾਬਾ ਹਰਭਜਨ ਸਿੰਘ, ਬਾਬਾ ਸਤਿਨਾਮ ਸਿੰਘ ਜ਼ੋ ਕਿ ਲਗਾਤਾਰ ਆਪਣੇ ਸੇਵਾਦਾਰਾਂ ਨੂੰ ਨਾਲ ਲੈ ਕੇ ਪਹਿਲਾਂ ਉਨ੍ਹਾਂ ਪਿੰਡ ਸਾਦਿਕ ਤੋਂ ਲੈ ਕੇ ਗੁਰੂਹਰਸਹਾਏ ਸੜਕ ਤੇ ਬੂਟੇ ਲਾ ਰਹੇ ਹਨ ਅਤੇ ਉਨ੍ਹਾਂ ਟੋਏ ਪੁਟਣ ਵਾਲੀ ਨਵੀਂ ਮਸ਼ੀਨ ਅਤੇ ਵੱਡੀ ਪਾਣੀ ਵਾਲੀ ਟੈਂਕੀ ਨਾਲ ਲੈ ਕੇ ਸਾਰਾ ਦਿਨ ਗਰਮੀ ਵਿਚ ਖੁਦ ਬੂਟੇ ਲਾਂਦੇ ਰਹੇ ਹਨ, ਜ਼ੋ ਕਿ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ। ਇਸ ਮੌਕੇ ਤੇ ਪਿੰਡਾਂ ਦੀਆਂ ਸੰਗਤਾਂ ਨੇ ਦੱਸਿਆ ਕਿ ਡੇਰਾ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ ਦੇ ਮੁੱਖ ਸੇਵਾਦਾਰ ਸ਼੍ਰੀਮਾਨ ਸੰਤ ਬਾਬਾ ਹਰਭਜਨ ਸਿੰਘ, ਬਾਬਾ ਸਤਿਨਾਮ ਸਿੰਘ ਜੀ ਦਾ ਬਹੁਤ ਹੀ ਸ਼ਲਾਘਾਯੋਗ ਕਦਮ ਹੈ, ਜ਼ੋ ਕਿ ਲਗਾਤਾਰ ਸੜਕਾਂ, ਜਿਥੇ ਖਾਲੀ ਪਈ ਜਮੀਨ ਤੇ ਬੂਟੇ ਲਾਉਣ ਦੀ ਸ਼ੁਰੂਆਤ ਕੀਤ ਹੈ। ਇਸ ਮੌਕੇ ਤੇ ਡੇਰਾ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ ਦੇ ਮੁੱਖ ਸੇਵਾਦਾਰ ਸ਼੍ਰੀਮਾਨ ਸੰਤ ਬਾਬਾ ਹਰਭਜਨ ਸਿੰਘ, ਬਾਬਾ ਸਤਿਨਾਮ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਸ ਵੇਲੇ ਜ਼ੋ ਭਿਆਨਕ ਗਰਮੀ ਪਈ ਹੈ, ਜ਼ੋ ਪਹਿਲਾਂ ਕਦੇ ਵੀ ਨਹੀਂ ਪਈ, ਕਿਉਂਕਿ ਪੰਜਾਬ ਸਰਕਾਰ ਨੇ ਪੰਜਾਬ ਵਿਚ ਸੜਕਾਂ ਚੋੜੀਆਂ ਕਰਨ ਲਈ ਸਾਰੇ ਦਰੱਖਤ ਪੁੱਟ ਦਿੱਤੇ ਹਨ, ਜਿਸ ਨਾਲ ਗਰਮੀ ਜਿਆਦਾ ਪਈ ਹੈ। ਬਾਬਾ ਜੀ ਨੇ ਸਮੂਹ ਸੰਗਤਾਂ, ਪਿੰਡ—ਪਿੰਡ ਦੀਆਂ ਸੰਗਤਾਂ, ਸੰਤ ਸਮਾਜ, ਮਹਾਂਪੁਰਖਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਬੂਟੇ ਲਾਉਣ ਤਾਂ ਜ਼ੋ ਸਾਡੇ ਪੰਜਾਬ ਨੂੰ ਹਰਾ ਭਰਾ ਕਰ ਸਕੀਏ।

### ਵਿਗੜਦੇ ਵਾਤਾਵਰਣ ਦੀ ਸੰਭਾਲ ਲਈ

# ਰੁੱਖ ਲਗਾਉਣੇ ਜ਼ਰੂਰੀ : ਅਮਰੀਕ ਸਿੰਘ



**ਫ਼ਿਰੋਜ਼ਪੁਰ, 8 ਅਗਸਤ (ਮਨੋਹਰ ਲਾਲ)** :— ਸੱਭਿਆਚਾਰ ਅਤੇ ਖੇਡਾਂ ਦੇ ਖੇਤਰ ਵਿੱਚ ਅਹਿਮ ਯੋਗਦਾਨ ਪਾਉਣ ਵਾਲੇ ਪਿੰਡ ਨੂਰਪੁਰ ਸੇਠਾਂ ਦੇ ਸ਼ੇਰ—ਏ—ਪੰਜਾਬ ਸਪੋਰਟਸ ਕਲੱਬ ਅਤੇ ਯੂਥ ਵੈਲਫੇਅਰ ਕਲੱਬ ਵੱਲੋਂ ਸਾਂਝੇ ਤੌਰ ਤੇ ਪਿੰਡ ਦੀ ਫਿਰਨੀ ਉਪਰ ਸਜਾਵਟੀ ਪੌਦੇ ਲਗਾ ਕੇ ਵਾਤਾਵਰਣ ਬਚਾਉਣ ਦਾ ਸੰਕਲਪ ਲਿਆ। ਇਸ ਰੁੱਖ ਲਗਾਊ ਮੁਹਿੰਮ ਦੀ ਸ਼ੁਰੂਆਤ ਮੌਕੇ ਵਿਸ਼ੇਸ਼ ਤੌਰ ਤੇ ਪੁੱਜੇ ਅਮਰੀਕ ਸਿੰਘ ਜਿਲਾ ਲੋਕ ਸੰਪਰਕ ਅਫਸਰ ਫ਼ਿਰੋਜ਼ਪੁਰ ਨੇ ਦੋਹਾਂ ਕਲੱਬਾਂ ਦੇ ਕੀਤੇ ਕੰਮਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਕਤ ਦੋਵੇਂ ਕਲੱਬ ਲੋਕ ਸੇਵਾ ਦੇ ਕੰਮਾਂ ਵਿੱਚ ਮਦਦ ਕਰਨ ਲਈ ਹਰ ਸਮੇਂ ਤਿਆਰ—ਬਰ—ਤਿਆਰ ਰਹਿੰਦੇ ਹਨ। ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਤੇ ਪੰਜਾਬੀ ਸੱਭਿਆਚਾਰ ਨੂੰ ਪ੍ਰਫੁਲਿਤ ਕਰਨ ਵਿਚ ਸ਼ੇਰ—ਏ—ਪੰਜਾਬ ਸਪੋਰਟਸ ਕਲੱਬ ਅਤੇ ਯੂਥ ਵੈਲਫੇਅਰ ਕਲੱਬ ਨੇ ਹਮੇਸ਼ਾਂ ਹੀ ਅਹਿਮ ਯੋਗਦਾਨ ਪਾਇਆ ਹੈ ਇਸ ਦੇ ਨਾਲ ਪਿੰਡ ਦੀ ਸਜਾਵਟ ਅਤੇ ਵਾਤਾਵਰਣ ਦੀ ਸੰਭਾਲ ਲਈ ਪੌਦੇ ਲਗਾ ਕੇ ਇਕ ਵਧੀਆ ਉਪਰਾਲਾ ਕੀਤਾ ਹੈ। ਇਸ ਮੌਕੇ ਯੂਥ ਵੈਲਫੇਅਰ ਕਲੱਬ ਦੇ ਪ੍ਰਧਾਨ ਜੁਗਿੰਦਰ ਸਿੰਘ ਮਾਣਕ ਨੇ ਕਿਹਾ ਕਿ ਆਲਮੀ ਤਪਸ਼ ਕਾਰਨ ਵੱਧਦੀ ਗਰਮੀ ਨੇ ਲੋਕਾਂ ਦਾ ਜਿਉਣਾ ਮੁਹਾਲ ਕੀਤਾ ਹੋਇਆ ਹੈ, ਵਾਤਾਵਰਣ ਦੀ ਸੰਭਾਲ ਲਈ ਸਾਡੇ ਕਲੱਬ ਮੈਂਬਰ ਹਮੇਸ਼ਾ ਵਧੀਆ ਕੰਮ ਕਰਦੇ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਵਾਤਾਵਰਨ ਸੰਭਾਲ ਦੇ ਸੁਨੇਹੇ ਨਾਲ ਪਿੰਡ ਦੀ ਫਿਰਨੀ ਤੇ ਹੋਰ ਸਾਂਝੀਆਂ ਥਾਵਾਂ ਤੇ ਕਰੀਬ ਦੋ ਸੌ ਸਜਾਵਟੀ ਪੌਦੇ ਲਗਾਏ ਗਏ ਹਨ। ਸ਼ੇਰ—ਏ—ਪੰਜਾਬ ਸਪੋਰਟਸ ਕਲੱਬ ਦੇ ਮੀਤ ਪ੍ਰਧਾਨ ਜਤਿੰਦਰ ਸਿੰਘ ਡਿੰਪਾ ਨੇ ਦੱਸਿਆ ਕਿ ਉਨ੍ਹਾਂ ਦੀਆਂ ਕਲੱਬਾਂ ਵੱਲੋਂ ਪਿੰਡ ਵਿਚ ਲਗਾਏ ਗਏ ਰੁੱਖਾਂ ਦੀ ਸਾਂਭ—ਸੰਭਾਲ ਕਰਨ ਵਾਸਤੇ ਸਮੂਹ ਨਗਰ ਵਾਸੀਆਂ ਨੂੰ ਸਹਿਯੋਗ ਦੇਣ ਲਈ ਕਿਹਾ ਹੈ। ਇਸ ਮੌਕੇ ਹਰਜਿੰਦਰ ਸਿੰਘ ਥਿੰਦ ਸਕੱਤਰ ਸ਼ੇਰ—ਏ—ਪੰਜਾਬ ਸਪੋਰਟਸ ਕਲੱਬ, ਧਰਮਿੰਦਰ ਸਿੰਘ ਜੱਜ, ਸੁਖਮਿੰਦਰ ਸਿੰਘ ਸਾਮਾ, ਤਰਲੋਕ ਬੱਟੀ, ਕਾਕ ਬੱਟੀ, ਡਾਕਟਰ ਅਕਾਸ਼, ਪੰਮਾ ਬੱਟੀ, ਸੁਖਮੰਦਰ ਸਿੰਘ ਸਮੇਤ ਦੋਹਾਂ ਕਲੱਬਾਂ ਦੇ ਆਗੂ ਹਾਜ਼ਰ ਸਨ।



ਭਗਤ ਪੂਰਨ ਸਿੰਘ ਜੀ ਦੀ 32ਵੀ ਬਰਸੀ ਮੌਕੇ ਤੇ ਸਬ ਇੰਸਪੈਕਟਰ ਦਲਜੀਤ ਸਿੰਘ ਇੰਚਾਰਜ ਟ੍ਰੈਫਿਕ ਐਜੂਕੇਸ਼ਨ ਸੈੱਲ ਅੰਮ੍ਰਿਤਸਰ ਨੂੰ ਉਹਨਾਂ ਦੀਆ ਸਮਾਜ ਦੇ ਪ੍ਰਤੀ ਕੀਤੀਆ ਸੇਵਾਵਾ ਨੂੰ ਵੇਖਦੇ ਹੋਏ ਪਿੰਗਲਵਾੜਾ ਚੈਰੀਟੇਬਲ ਟਰੱਸਟ ਦੇ ਸਰਪ੍ਰਸਤ ਡਾ: ਇੰਦਰਜੀਤ ਕੌਰ ਵੱਲੋ ਵਿਸ਼ੇਸ਼ ਸਨਮਾਨ ਦੇ ਕੇ ਸਨਮਾਨਿਤ ਕੀਤਾ ਗਿਆ

(ਫੋਟੋ/ਵੇਰਵਾ : ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

# ਮੁੱਖ ਮੰਤਰੀ ਮਾਨ ਸੂਬੇ ਨੂੰ ਦੁਬਾਰਾ ਸੋਨੇ ਦੀ ਚਿੜੀ ਬਣਾਉਣ ਲਈ ਬਚਨਵੱਧ : ਚੇਅਰਮੈਨ ਘੁੱਲੀ




ਧੂਰੀ ( ਰਣਜੀਤ ਸਿੰਘ ਪੇਧਨੀ ) ਜਿੱਥੇ ਇੱਕ ਪਾਸੇ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਅੱਜ ਵੀ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਦੇ ਕੀਤੇ ਵਾਅਦੇ ਤੇ ਕਾਇਮ ਹੈ, ਜੋ ਇੱਕ ਇੱਕ ਕਰਕੇ ਪੂਰੇ ਕਰ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਪ ਸਪੋਰਟਸ ਵਿੰਗ ਪੰਜਾਬ ਦੇ ਜਰਨਲ ਸਕੱਤਰ ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਕੀਤਾ ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਐਮ,ਐਲ,ਏ ਦੀਆਂ ਬਾਕੀ ਪੈਨਸ਼ਨਾਂ ਬੰਦ ਕਰਕੇ ਸਿਰਫ ਇਕ ਪੈਨਸ਼ਨ ਕਰ ਦਿੱਤੀ ਹੈ। ਅਸਲ ਵਿੱਚ ਪਿਛਲੇ ਸੱਤਰ ਸਾਲਾਂ ਤੋਂ ਰਲ ਮਿਲ ਕੇ ਲੁੱਟ ਖਸੁੱਟ ਕਰਦੇ ਆ ਰਹੇ ਵੱਡੀ ਪੱਧਰ ਤੇ ਸਿਆਸੀ ਆਗੂਆਂ ਦੀ ਲੁੱਟ ਖਸੁੱਟ ਹੁਣ ਬੰਦ ਹੋ ਚੁੱਕੀ ਹੈ। ਇਸ ਮੌਕੇ ਉਨ੍ਹਾਂ ਦੇ ਨਾਲ ਆਪ ਆਗੂ ਪਰੀਤ ਧੂਰੀ , ਆਪ ਆਗੂ ਕੁਲਦੀਪ ਸਿੰਘ ਬੁੱਟਰ, ਆਪ ਆਗੂ ਮਾਣਾ ਗਰੇਵਾਲ, ਆਪ ਆਗੂ ਨਾਹਰ ਸਿੰਘ ਮੀਮਸਾ, ਆਪ ਆਗੂ ਭਿੰਦਾ ਵਿਰਕ, ਆਪ ਆਗੂ ਅਰਵਿੰਦ ਸਰਮਾ , ਸਮਾਜ ਸੇਵੀ ਦਿਲਰਾਜ ਦੋਰਾਹਾ, ਆਪ ਆਗੂ ਰਣਜੀਤ ਸਿੰਘ ਧੰਦੀਵਾਲ ਹਾਜਰ ਸਨ।

# ਨੋਜਵਾਨਾਂ ਨੂੰ ਨਸੇ ਤਿਆਗ ਕਿ ਬਾਣੀ ਬਾਣੇ ਅਤੇ ਖੇਡਾਂ ਵੱਲ ਧਿਆਨ ਦੇਣਾ ਚਾਹੀਦਾ ਹੈ : ਬਾਬਾ ਟਕਾਪੁਰ



**ਚੌਕ ਮਹਿਤਾ, 8 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਹਰੇਕ ਨੋਜਵਾਨਾਂ ਨੂੰ ਨਸੇ ਛੱਡ ਕੇ ਗੁਰਬਾਣੀ, ਅਤੇ ਵੱਧ ਤੋਂ ਵੱਧ ਖੇਡਾਂ ਵੱਲ ਧਿਆਨ ਦੇਣਾ ਚਾਹੀਦਾ ਹੈ। ਇਹ ਵਿਚਾਰ ਸਮਾਜ ਸੇਵੀ ਬਾਬਾ ਬਿਕਰਮਜੀਤ ਸਿੰਘ ਟਕਾਪੁਰ ਨੇ ਚੌਨਵੇ ਪੱਤਰਕਾਰਾ ਨਾਲ ਕੀਤੇ। ਉਨ੍ਹਾਂ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਸਾਡੇ ਕੁਝ ਨੋਜਵਾਨ ਨਸਿਆ ਵਿੱਚ ਡੁੱਬਦੇ ਜਾ ਰਹੇ ਹਨ। ਉਧਰ ਸਾਡਾ ਪਾਣੀ ਹਵਾ ਦਿਨੋ ਦਿਨੀ ਗੰਧਲੀ ਹੁੰਦੀ ਜਾ ਰਹੀ ਹੈ। ਬਹੁਤ ਲੋਕ ਅੱਜ ਭੈੜੀਆਂ ਬਿਮਾਰੀਆਂ ਦਾ ਸਾਹਮਣਾ ਕਰ ਰਹੇ ਹਨ। ਹਰੇਕ ਚੀਜ਼ ਖਾਣ ਪੀਣ ਵਾਲੀ ਵਿੱਚ ਮਿਲਾਵਟੀ ਹੋ ਰਹੀ। ਲੋਕ ਕੈਂਸਰ ਵਰਗੀਆਂ ਬਿਮਾਰੀਆਂ ਦਾ ਸਾਮ੍ਹਣਾ ਕਰ ਰਹੇ ਹਨ। ਅੱਜ ਸਾਡਾ ਬਹੁਤ ਸਾਰਾ ਨੋਜਵਾਨ ਧਕੇ ਖਾ ਰਿਹਾ ਹੈ। ਨੌਕਰੀ ਕੋਈ ਆਸ ਨਹੀਂ ਅੱਜ ਸਾਡਾ ਇੱਕ ਬੱਚਾ ਹੈ ਉਹ ਵੀ ਵਿਦੇਸਾ ਵੱਲ ਧਿਆਨ ਹੈ। ਇਸ ਕਰਕੇ ਸਾਨੂੰ ਆਪਣੇ ਬੱਚਿਆਂ ਨੂੰ ਬਾਣੀ ਬਾਣੇ ਅਤੇ ਵੱਧ ਤੋਂ ਵੱਧ ਖੇਡਾਂ ਵੱਲ ਧਿਆਨ ਦੇਣਾ ਚਾਹੀਦਾ ਹੈ। ਵੱਧ ਤੋਂ ਵੱਧ ਅੰਮ੍ਰਿ ਛਕ ਕਿ ਗੁਰੂ ਦੇ ਲੜ ਲੱਗਣਾ ਚਾਹੀਦਾ ਹੈ।

# ਆਪ ਸਰਕਾਰ ਦੇ ਰਾਜ ਵਿੱਚ ਅਫਸਰਸ਼ਾਹੀ ਵੀ ਸੁਰੱਖਿਅਤ ਨਹੀਂ - ਨੀਲੂ ਮਿੱਤਲ, ਜੱਗਾ ਜਿੰਦਲ

ਧੂਰੀ ( ਰਣਜੀਤ ਸਿੰਘ ਪੇਧਨੀ ) ਭਾਰਤੀ ਜਨਤਾ ਪਾਰਟੀ ਦੇ ਸਟੇਟ ਕਮੇਟੀ ਮੈਂਬਰ ਜਗਦੇਵ ਜਿੰਦਲ ਜੱਗਾ ਅਤੇ ਬੀਜੇਪੀ ਦੇ ਜਿਲ੍ਹਾ ਮੀਤ ਪ੍ਰਧਾਨ ਕ੍ਰਿਸਨ ਗੋਪਾਲ ਨੀਲੂ ਮਿੱਤਲ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚ ਕਾਨੂੰਨ ਵਿਵਸਥਾ ਕੰਟਰੋਲ ਕਰਨ ਵਿੱਚ ਅਸਮਰਥ ਰਹੀ ਹੈ ਤੇ ਸੂਬੇ ਵਿੱਚ ਗੁੰਡਾਰਾਜ ਦਾ ਬੋਲਬਾਲਾ ਹੈ, ਜਿਸ ਦੇ ਵਜੋਂ ਸੂਬੇ ਵਿੱਚ ਅਫਸਰਸਾਹੀ ਹੀ ਸੁਰੱਖਿਅਤ ਨਹੀ ਹੈ ਅਤੇ ਆਮ ਲੋਕਾ ਦਾ ਕੀ ਹੋਵੇਗਾ ।ਆਗੂਆ ਨੇ ਕਿਹਾ ਕਿ ਆਏ ਦਿਨ ਲੁੱਟਾਂ ਖੋਹਾਂ ਦੀਆਂ ਵਾਰਦਾਤਾ ਵੱਧ ਰਹੀਆਂ ਹਨ ਜਦਕਿ ਸਰਕਾਰ ਘੂਕ ਸੁੱਤੀ ਪਈ ਹੈ ਤੇ ਲੁਟੇਰੇ ਸਰੇਆਮ ਕਤਲੇਆਮ ,ਗੁੰਡਾਗਰਦੀ ਤੇ ਲੁੱਟਾ ਖੋਹਾਂ ਨੂੰ ਅੰਜਾਮ ਦੇ ਰਹੇ ਹਨ । ਸੂਬੇ ’ਚ ਵਧ ਰਹੀ ਗੁੰਡਾਗਰਦੀ ਕਾਰਨ ਲੋਕਾਂ ’ਚ ਭਾਰੀ ਸਹਿਮ ਹੈ ਤੇ ਸਰਕਾਰ ਤੇ ਲੋਕਾਂ ਦਾ ਮੋਹ ਭੰਗ ਹੋ ਚੁੱਕਾ ਹੈ ।ਆਗੂਆਂ ਨੇ ਕਿਹਾ ਕਿ ਨਸਾ ਰਾਹਿਤ ਤੇ ਭ੍ਰਿਸਟਾਚਾਰ ਰਾਹਿਤ ਪ੍ਰਸਾਸਨ ਦੇਣ ਦਾ ਦਾਅਵਾ ਕਰਨ ਵਾਲੀ ਸੂਬਾ ਸਰਕਾਰ ਦੇ ਰਾਜ ਵਿੱਚ ਗੁੰਡਾਰਾਜ ਦਾ ਬੋਲਬਾਲਾ ਹੈ ਤੇ ਨਸਾ ਤਸਕਰ ਤੇ ਰੇਤ ਮਾਫੀਆਂ ਉਨਾ ਖਿਲਾਫ ਅਵਾਜ ਚੁੱਕਣ ਵਾਲੇ ਲੋਕਾ ਦੀ ਖੁਲੇਆਮ ਕੁੱਟਮਾਰ ਕਰ ਰਹੇ ਹਨ ਤੇ ਮੁੱਖ ਮੰਤਰੀ ਦੋਸੀਆਂ ਖਿਲਾਫ ਕਾਰਵਾਈ ਕਰਨ ਦੀ ਥਾਂ ਅਕਾਲੀ ਦਲ ਸਮੇਤ ਵਿਰੋਧੀ ਪਾਰਟੀਆਂ ਨੂੰ ਹੀ ਨਿਸਾਨਾ ਬਣਾ ਰਹੇ ਹਨ ਜਿਸ ਦੇ ਵਜੋਂ ਗਲਤ ਅਨਸਰਾਂ ਦੇ ਹੌਸਲੇ ਬੁਲੰਦ ਹਨ ।



# ਪੰਜਾਬ ਨੂੰ ਯੋਜਨਾਬੱਧ ਢੰਗ ਨਾਲ ਬਰਬਾਦ ਕੀਤਾ ਜਾ ਰਿਹਾ ਹੈ, ਨਸਲਾ ਅਤੇ ਫਸਲਾ ਦੀ ਬਰਬਾਦੀ ਕਰਕੇ ਪੰਜਾਬ ਦੇ ਲੋਕਾ ਨੂੰ ਬੇਵੱਸ ਕੀਤਾ ਜਾ ਰਿਹਾ : ਕਰਨੈਲ ਸਿੰਘ ਪੀਰਮੁਹੰਮਦ



**ਮੱਖੂ, 8 ਅਗਸਤ (ਆਵਾਜ਼ਿ ਕੌਮ ਬਿਊਰੋ)**-ਆਉਣ ਵਾਲੀ ਝੋਨੇ ਦੀ ਫਸਲ ਨੂੰ ਲੈ ਕੇ ਇੱਕ ਡੂੰਘਾ ਸੰਕਟ ਪਹਿਲਾਂ ਹੀ ਕਿਸਾਨਾਂ ਦਾ ਰਾਹ ਰੋਕੀ ਖੜ੍ਹਾ ਹੈ, ਕਿਉਂਕਿ ਸ਼ੈਲਰ ਕਾਰੋਬਾਰੀਆਂ ਨੂੰ ਦਰਪੇਸ਼ ਸਮੱਸਿਆਵਾਂ ਦਾ ਸਰਕਾਰ ਕੋਈ ਸੰਜੀਦਾ ਹੱਲ ਨਹੀਂ ਕਰ ਰਹੀ, ਜਿਸ ਕਰਕੇ ਪੂਰੇ ਸੂਬੇ ਦੇ ਸ਼ੈਲਰ ਕਾਰੋਬਾਰੀਆਂ ਵੱਲੋਂ ਸਰਕਾਰ ਦਾ ਬਾਈਕਾਟ ਕਰਨ ਦੇ ਖਦਸ਼ੇ ਜ਼ਾਹਰ ਹੋ ਰਹੇ ਹਨ, ਜਿਸ ਦੀ ਜ਼ਿੰਮੇਵਾਰ ਖੁਦ ਆਪ ਸਰਕਾਰ ਹੋਵੇਗੀ ਇਹਨਾ ਵਿਚਾਰਾ ਦਾ ਪ੍ਰਗਟਾਵਾ ਕਰਦਿਆ ਸ੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਅਤੇ ਬੁਲਾਰੇ ਸ੍ਰ ਕਰਨੈਲ ਸਿੰਘ ਪੀਰਮੁਹੰਮਦ ਨੇ ਕਿਹਾ ਕਿ ਸਾਡੀਆ ਨਸਲਾ ਤੇ ਫਸਲਾ ਤਬਾਹ ਹੋ ਰਹੀਆ ਹਨ । ਸੂਬੇ ਦੀ ਸਰਕਾਰ ਅਤੇ ਕੇਂਦਰ ਦੀਆਂ ਸਾਰੀਆਂ ਵਿਰੋਧੀ ਤਾਕਤਾਂ ਪੰਜਾਬੀਆਂ ਦੀ ਇੱਕੋ ਇੱਕ ਆਪਣੀ ਧਿਰ ਸ਼੍ਰੋਮਣੀ ਅਕਾਲੀ ਦਲ ਨੂੰ ਢਾਹੁਣ ‘ਤੇ ਤੁੱਲੀਆਂ ਹੋਈਆਂ ਹਨ, ਉਹਨਾਂ ਦੀ ਮਨਸ਼ਾ ਪੰਜਾਬ ਦੀ ਆਪਣੀ ਤਾਕਤ ਨੂੰ ਖ਼ਤਮ ਕਰਕੇ ਪੰਜਾਬ ਨੂੰ ਸਿੱਧੇ ਤੌਰ ‘ਤੇ ਦਿੱਲੀ ਦਾ ਗੁਲਾਮ ਬਣਾਉਣਾ ਹੈ, ਪੰਜਾਬ ਦੇ ਸਾਰੇ ਲੋਕਾਂ ਨੂੰ ਅਪੀਲ ਹੈ ਕਿ ਉਹ ਆਪਣੀ ਤਾਕਤ ਸ਼੍ਰੋਮਣੀ ਅਕਾਲੀ ਦਲ ਦਾ ਡਟ ਕੇ ਸਾਥ ਦੇਣ ਤੇ ਦਿੱਲੀ ਵਾਲਿਆਂ ਦੀ ਗੁਲਾਮੀ ਤੋਂ ਬਚਣ ਉਹਨਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਪੰਜਾਬ ਨੂੰ ਹੜ੍ਹਾਂ ਦੀ ਮਾਰ ਦਾ ਮੁਆਵਜ਼ਾ ਨਾ ਦੇਣ ਪਿੱਛੇ ਸੂਬੇ ਦੀ ਸਰਕਾਰ ਵੱਲੋਂ ਗਲਤ ਜਾਣਕਾਰੀ ਮੁਹੱਈਆ ਕਰਵਾਉਣ ਦਾ ਤਰਕ ਦਿੱਤਾ ਗਿਆ ਹੈ, ਹੁਣ ਭਗਵੰਤ ਮਾਨ ਦੀ ਇਹ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਪੰਜਾਬੀਆਂ ਨੂੰ ਜਨਤਕ ਜਵਾਬ ਦੇਣ ਕਿ ਉਹਨਾਂ ਦੀ ਸਰਕਾਰ ਨੇ ਅਜਿਹਾ ਕਿਉਂ ਕੀਤਾ ਅਤੇ ਸੂਬੇ ਅੰਦਰ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਹੋਏ ਜਾਨੀ ਮਾਲੀ ਨੁਕਸਾਨ ਦੀ ਭਰਪਾਈ ਕੌਣ ਕਰੇਗਾ।




### ਵੱਡੀ ਤਦਾਦ ਔਰਤਾਂ ਕੀਤੀ ਸ਼ਿਰਕਤ

# ਰੋਟਰੀ ਕਲੱਬ ਨੇ ਮਨਾਇਆ ਤੀਆਂ ਦਾ ਤਿਉਹਾਰ




**ਫ਼ਿਰੋਜ਼ਪੁਰ, 8 ਅਗਸਤ (ਮਨੋਹਰ ਲਾਲ) :—** ਹਰਿਆਲੀ ਤੀਜ ਦਾ ਤਿਉਹਾਰ ਭਾਰਤ ਦੇ ਵੱਖ—ਵੱਖ ਰਾਜਾਂ ਵਿੱਚ ਵੱਖ—ਵੱਖ ਅੰਦਾਜ਼ ਨਾਲ ਮਨਾਇਆ ਜਾਂਦਾ ਹੈ, ਪਰ ਪੰਜਾਬ ਵਿੱਚ ਇਸ ਨੂੰ ਤੀਆਂ ਦਾ ਤਿਉਹਾਰ ਯਾਨੀ ਕਿ ਧੀਆਂ ਦਾ ਤਿਉਹਾਰ ਦੇ ਰੂਪ ਵਿੱਚ ਮਨਾਇਆ ਜਾਂਦਾ ਹੈ। ਪ੍ਰਥਾ ਅਨੁਸਾਰ ਤੀਆਂ ਦਾ ਤਿਉਹਾਰ ਸਾਵਣ ਮਹੀਨੇ ਦਾ ਪ੍ਰਮੁੱਖ ਤਿਉਹਾਰ ਹੈ ਅਤੇ ਇਸ ਮਹੀਨੇ ਧੀਆਂ ਆਪਣੇ ਪੇਕੇ ਘਰ ਆ ਕੇ ਇਸ ਤਿਉਹਾਰ ਨੂੰ ਮਨਾਉਂਦੀਆਂ ਹੁੰਦੀਆਂ ਸਨ ਇਸ ਪੁਰਾਤਨ ਵਿਰਸੇ ਦੇ ਤਿਉਹਾਰ ਦੀ ਵਿਰਾਸਤ ਨੂੰ ਸੰਭਾਲਣ ਦੇ ਮਕਸਦ ਨਾਲ ਫਿਰੋਜ਼ਪੁਰ ਦੀ ਨਾਮਵਰ ਕੌਮਾਂਤਰੀ ਪੱਧਰ ਦੀ ਸਮਾਜ ਸੇਵੀ ਸੰਸਥਾ ਰੋਟਰੀ ਕਲੱਬ ਫਿਰੋਜਪੁਰ ਰੋਆਇਲ ਵੱਲੋਂ ਵੀ ਇਹ ਤਿਉਹਾਰ ਪੂਰੇ ਉਤਸ਼ਾਹ ਨਾਲ ਮਨਾਇਆ ਗਿਆ। ਫਿਰੋਜ਼ਪੁਰ ਦੇ ਇੱਕ ਹੋਟਲ ਵਿੱਚ ਮਨਾਏ ਇਸ ਤਿਉਹਾਰ ਵਿੱਚ ਕਲੱਬ ਵੱਲੋਂ ਪੁਰਾਤਨ ਵਿਰਸੇ ਦੀਆਂ ਸਾਰੀਆਂ ਵਣਗੀਆਂ ਦੇ ਰੰਗ ਝਾਕੀਆਂ ਦੇ ਰੂਪ ਵਿੱਚ ਪੇਸ਼ ਕੀਤੇ ਅਤੇ ਕਲੱਬ ਦੀਆਂ ਔਰਤਾਂ ਅਤੇ ਧੀਆਂ ਨੇ ਰਲ ਕੇ ਇਸ ਤਿਉਹਾਰ ਨੂੰ ਮਨਾਇਆ ਜਿਸ ਵਿੱਚ ਗੀਤ ਸੰਗੀਤ ਗਿੱਧਾ ਤੋਂ ਇਲਾਵਾ ਕਈ ਤਰ੍ਹਾਂ ਦੀਆਂ ਮਨੋਰੰਜਨ ਗੇਮਾਂ ਵੀ ਕਰਵਾਈਆਂ ਗਈਆਂ। ਰੋਟਰੀ ਕਲੱਬ ਫਿਰੋਜਪੁਰ ਰੋਇਲ ਦੇ ਪ੍ਰਧਾਨ ਰੋਟੇਰੀਅਨ ਵਿਜੇ ਮੋਂਗਾ ਅਤੇ ਸੈਕਟਰੀ ਰਕੇਸ਼ ਮਨਚੰਦਾ ਦੀ ਅਗਵਾਈ ਵਿੱਚ ਕਰਵਾਏ ਇਸ ਪ੍ਰੋਗਰਾਮ ਵਿੱਚ ਸਟੇਜ ਸੈਕਟਰੀ ਦੀ ਭੂਮਿਕਾ ਮੁਸਕਾਨ ਮੌਂਗਾ ਅਤੇ ਇਸ਼ਿਤਾ ਤਿਵਾੜੀ ਦੁਆਰਾ ਨਿਭਾਈ ਗਈ ਅਤੇ ਵੱਖ—ਵੱਖ ਮਨੋਰੰਜਨ ਗੇਮਾਂ ਦੇ ਜੇਤੂਆਂ ਨੂੰ ਇਨਾਮ ਸੁਨੀਤਾ ਮੋਗਾ ਅਤੇ ਸੁਨੀਤਾ ਮਨਚੰਦਾ ਦੁਆਰਾ ਦਿੱਤੇ ਗਏ। ਇਸ ਮੌਕੇ ਮੁੱਖ ਮੁਕਾਬਲਾ ਮਿਸਿਜ ਤੀਜ ਨਵਿਆ ਮਨਚੰਦਾ ਨੇ ਜਿਤਿਆ ਜਦਕਿ ਮੇਘਾ ਮਾਨਕ ਇਸ ਮੁਕਾਬਲੇ ਵਿੱਚ ਦੂਜੇ ਨੰਬਰ ਤੇ ਰਹੀ। ਇਸ ਪ੍ਰੋਗਰਾਮ ਵਿੱਚ ਰੋਟਰੀ ਕਲੱਬ ਫਿਰੋਜ਼ਪੁਰ ਰੋਆਇਲ ਦੀਆਂ ਮਹਿਲਾਵਾਂ ਰਜਨੀ ਤਿਵਾੜੀ, ਪੂਜਾ ਅਰੋੜਾ, ਜੋਤੀ ਸ਼ਰਮਾ, ਅਨੂ ਧਵਨ, ਮੀਨੂ ਮਾਣਕ, ਮਧੂ ਮੌਂਗਾ, ਪੁਸ਼ਪਾ ਦੇਵੀ, ਕਰਮਜੀਤ ਕੌਰ, ਤਰਨਜੀਤ ਕੌਰ ਆਦਿ ਨੇ ਇਸ ਪ੍ਰੋਗਰਾਮ ਵਿੱਚ ਭਾਗ ਲਿਆ।

# ਸਿੱਖੀ ਦੇ ਪ੍ਰਚਾਰ ਲਈ ਭਾਈ ਅਮਨਦੀਪ ਸਿੰਘ ਇੰਗਲੈਂਡ ਰਵਾਨਾ

## ਦੇਸ਼ ਅਤੇ ਵਿਦੇਸ਼ 'ਚ ਸਿੱਖੀ ਦੇ ਬੂਟੇ ਨੂੰ ਹਰਾ ਰੱਖਣ ਲਈ ਪ੍ਰਚਾਰ ਜ਼ਰੂਰੀ: ਭਾਈ ਅਮਨਦੀਪ ਸਿੰਘ



**ਚੌਕ ਮਹਿਤਾ, 8 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਬਾਬਾ ਦੀਪ ਸਿੰਘ ਚੈਰੀਟੇਬਲ ਟਰੱਸਟ ਮੁੱਖ ਸੇਵਾਦਾਰ ਭਾਈ ਅਮਨਦੀਪ ਸਿੰਘ ਵੱਲੋਂ ਸਿੱਖੀ ਦਾ ਪ੍ਰਚਾਰ ਅਤੇ ਪਸਾਰ ਕੀਤਾ ਜਾ ਰਿਹਾ ਹੈ। ਜਿਸ ਦੇ ਚਲਦਿਆਂ ਭਾਈ ਸਾਹਿਬ ਸਿੱਖੀ ਦੇ ਪ੍ਰਚਾਰ ਲਈ ਇੰਗਲੈਂਡ ਦੇ ਸ਼ਹਿਰ ਸਾਊਥ ਹਾਲ, ਬਰਮਿੰਗਮ ਅਤੇ ਡਰਬੀ ਵਿਖੇ ਸਿੱਖੀ ਦੇ ਪ੍ਰਚਾਰ ਲਈ 9 ਅਗਸਤ ਤੋਂ 24 ਅਗਸਤ ਤੱਕ ਕੀਰਤਨ ਸਮਾਗਮਾਂ ਵਿੱਚ ਹਾਜ਼ਰੀ ਭਰਨਗੇ। ਉਹਨਾਂ ਦੱਸਿਆ ਗੁਰਦੁਆਰਾ ਬੇਬੇ ਨਾਨਕੀ ਜੀ, ਨਾਨਕਸਰ ਠਾਠ ਈਸ਼ਵਰ ਦਰਬਾਰ, ਗੁਰਦੁਆਰਾ ਗਰੀਬ ਨਿਵਾਜ ਜੀ, ਖਾਲਸਾ ਨਿਵਾਸ ਗੁਰਦੁਆਰਾ ਬਾਬਾ ਦੀਪ ਸਿੰਘ, ਗੁਰਦੁਆਰਾ ਗੁਰੂ ਅਰਜਨ ਦੇਵ ਜੀ ਵਿਖੇ ਸਿੱਖੀ ਦਾ ਪ੍ਰਚਾਰ ਕੀਤਾ ਜਾਵੇਗਾ ਅਤੇ ਸੰਗਤਾਂ 'ਚ ਨੂੰ ਗੁਰੂ ਇਤਿਹਾਸ ਤੋਂ ਜਾਣੂ ਕਰਵਾਇਆ ਜਾਵੇਗਾ। ਭਾਈ ਅਮਨਦੀਪ ਸਿੰਘ ਨੇ ਕਿਹਾ ਕਿ ਗੁਰੂ ਸਾਹਿਬ ਨੇ ਉਹਨਾਂ ਦੀ ਜੋ ਡਿਊਟੀ ਲਗਾਈ ਹੈ ਉਸ ਨੂੰ ਆਪਣਾ ਫਰਜ਼ ਸਮਝਦਿਆਂ ਭਾਰਤ ਦੇ ਨਾਲ-ਨਾਲ ਬਾਹਰੀ ਦੇਸ਼ਾ 'ਚ ਜਾ ਕਰਕੇ ਸਿੱਖੀ ਦਾ ਪ੍ਰਚਾਰ ਕੀਤਾ ਜਾ ਰਿਹਾ ਹੈ।ਜਿਸ ਵਿੱਚ ਸੰਗਤਾਂ ਦਾ ਪੂਰਨ ਸਹਿਯੋਗ ਹੈ। ਸਾਨੂੰ ਸਾਰਿਆ ਨੂੰ ਆਪਣੇ ਗੁਰੂ ਸਾਹਿਬਾਂ ਦੇ ਦੱਸੇ ਮਾਰਗ ਤੇ ਚਲਦਿਆਂ ਸਿੱਖੀ ਸਿਧਾਂਤਾ ਦੀ ਪਾਲਣਾ ਕਰਨੀ ਚਾਹੀਦੀ ਹੈ ਅਤੇ ਆਪਣੇ ਬੱਚਿਆ ਨੂੰ ਸਿੱਖ ਇਤਿਹਾਸ ਤੋਂ ਜਾਣੂ ਕਰਵਾਉਣਾ ਚਾਹੀਦਾ ਤਾਂ ਜੋ ਸਿੱਖੀ ਦਾ ਬੂਟਾ ਹਮੇਸ਼ਾ ਵੱਧਦਾ-ਫੁਲਦਾ ਰਹੇ। ਜਿਕਰਯੋਗ ਹੈ ਕਿ ਸਿੱਖੀ ਦੇ ਪ੍ਰਚਾਰ ਸਬੰਧੀ ਪਿਛਲੇ ਦਿਨੀਂ ਭਾਈ ਅਮਨਦੀਪ ਸਿੰਘ ਵੱਲੋਂ ਅਮਰੀਕਾ ਵਿਖੇ ਪਹੁੰਚ ਕੇ ਵੱਖ-ਵੱਖ ਧਾਰਮਿਕ ਸਮਾਗਮਾਂ ਵਿੱਚ ਹਾਜਰੀ ਭਰੀ ਸੀ। ਇਸ ਮੌਕੇ ਭਾਈ ਅਮਤੇਸ਼ਵਰ ਸਿੰਘ, ਭਾਈ ਜਸਬੀਰ ਸਿੰਘ, ਭਾਈ ਮਨਮੀਤ ਸਿੰਘ, ਭਾਈ ਅਵਤਾਰ ਸਿੰਘ, ਭਾਈ ਗੁਰਚਰਨ ਸਿੰਘ, ਭਾਈ ਸ਼ਮਸ਼ੇਰ ਸਿੰਘ, ਗੁਰਪ੍ਰੀਤ ਸਿੰਘ ਮੀਡੀਆ ਇੰਚਾਰਜ਼ ਆਦਿ ਹਾਜ਼ਰ ਸਨ।